ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ. ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 90418 78800

ਸਾਂਝੀ ਸੋਚ
SANJHI SOCH HD
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-11 ISSUE 1725 | 29 April, 2024 Monday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

# ਸਿਰਫ਼ ਪ੍ਰੇਮ ਸਿੰਘ ਚੰਦੂਮਾਜਰਾ ਹੀ ਅਨੰਦਪੁਰ ਸਾਹਿਬ ਹਲਕੇ ਦੀ ਸਹੀ ਸਾਰ ਲੈ ਸਕਦੇ ਹਨ -ਐਨ.ਆਰ.ਆਈ





**ਕੈਲੀਫੋਰਨੀਆ ਸਾਂਝੀ ਸੋਚ ਬਿਊਰੋ**

ਭਾਰਤ ਵਿਚ ਹੋਣ ਜਾ ਰਹੀਆਂ ਲੋਕ ਸਭਾ ਚੋਣਾਂ ਲਈ ਇਸ ਸਮੇਂ ਚੋਣ ਦੰਗਲ ਪੂਰੀ ਤਰ੍ਹਾਂ ਭਖ ਚੁੱਕਾ ਹੈ ਅਤੇ ਸਾਰੀਆਂ ਹੀ ਪਾਰਟੀਆਂ ਦੇ ਉਮੀਦਵਾਰ ਆਪਣੀ ਜਿੱਤ ਯਕੀਨੀ ਬਣਾਉਣ ਲਈ ਦਿਨ ਰਾਤ ਇਕ ਕਰ ਰਹੇ ਹਨ। ਪੰਜਾਬ ਵਿਚ ਵੀ ਕਰੀਬ-ਕਰੀਬ ਸਾਰੀਆਂ ਪਾਰਟੀਆਂ ਨੇ ਹਰੇਕ ਹਲਕੇ ਤੋਂ ਆਪਣੇ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ ਹੈ। ਸ਼੍ਰੋਮਣੀ ਅਕਾਲੀ ਦਲ ਨੇ ਵੀ ਆਪਣੇ ਉਮੀਦਵਾਰਾਂ ਨੂੰ ਚੋਣ ਮੈਦਾਨ ਵਿਚ ਉਤਾਰ ਦਿੱਤਾ ਹੈ ਅਤੇ ਉਹ ਹੁਣ ਪੰਜਾਬ ਦੇ ਸਾਰੇ ਹਲਕਿਆਂ ਦੇ ਇਕੱਲੇ-ਇਕੱਲੇ ਪਿੰਡ ਵਿਚ ਜਾ ਕੇ ਵੋਟਰਾਂ ਨੂੰ ਆਪਣੀ ਪਾਰਟੀ ਦੇ ਏਜੰਡੇ ਦੱਸ ਰਹੇ ਹਨ ਅਤੇ ਉਹਨਾਂ ਨੂੰ ਜਿਤਾਉਣ ਲਈ ਆਪਣੀ ਪਾਰਟੀ ਦਾ ਚੋਣ ਮਨੋਰਥ ਵੀ ਦੱਸ ਅਤੇ ਸਮਝਾ ਰਹੇ ਹਨ।

ਇਹਨਾਂ ਉਮੀਦਵਾਰਾਂ ਦੀ ਹਮਾਇਤ ਲਈ ਵਿਦੇਸ਼ਾਂ ਵਿਚ ਵੱਸੇ ਹੋਏ ਪੰਜਾਬੀ ਭਾਈਚਾਰੇ ਦੇ ਲੋਕ ਵੀ ਖੁੱਲ੍ਹ ਕੇ ਕਰ ਰਹੇ ਹਨ। ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਹਲਕਾ ਆਨੰਦਪੁਰ ਸਾਹਿਬ ਤੋਂ ਆਪਣੀ ਪਹਿਲੀ ਹੀ ਲਿਸਟ ਵਿਚ ਐਲਾਨ ਕੀਤੇ ਗਏ ਉਮੀਦਵਾਰ ਪ੍ਰੇਮ ਸਿੰਘ ਚੰਦੂਮਾਜਰਾ ਦੇ ਹੱਕ ਵਿਚ ਅਮਰੀਕਾ ਵਿਚੋਂ ਐਨ.ਆਰ.ਆਈ ਪੰਜਾਬੀ ਭਾਈਚਾਰੇ ਦੇ ਲੋਕਾਂ ਨੇ ਵੀ ਹਮਾਇਤ ਦਾ ਐਲਾਨ ਕੀਤਾ ਹੈ। ਅਮਰੀਕਾ ਵੱਸਦੇ ਸੁਖਵਿੰਦਰ ਸਿੰਘ ਜਾਡਲਾ, ਅਪਰਪਾਰ ਸਿੰਘ ਅਟਵਾਲ, ਸੁੱਚਾ ਸਿੰਘ ਜਾਡਲਾ, ਦਿਲਕਰਨ ਸੋਢੀ ਅਤੇ ਰਾਣਾ ਰਾਠੌਰ ਨੇ ਇਕ ਪ੍ਰੈੱਸ ਬਿਆਨ ਰਾਹੀਂ ਹਲਕਾ ਆਨੰਦਪੁਰ ਸਾਹਿਬ ਦੇ ਵੋਟਰਾਂ ਨੂੰ ਪੁਰਜ਼ੋਰ ਅਪੀਲ ਕੀਤੀ ਹੈ ਕਿ ਉਹ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਅਤੇ ਪੰਥਕ ਆਗੂ ਪ੍ਰੇਮ ਸਿੰਘ ਚੰਦੂਮਾਜਰਾ ਨੂੰ ਇਕ ਜੂਨ ਨੂੰ ਹੋਣ ਜਾ ਰਹੀਆਂ ਲੋਕ ਸਭਾ ਚੋਣਾਂ ਵਿਚ ਆਪਣੀਆਂ ਕੀਮਤੀ ਵੋਟਾਂ ਪਾ ਕੇ ਜੇਤੂ ਬਣਾਉਣ।

ਉਹਨਾਂ ਕਿਹਾ ਕਿ ਚੰਦੂਮਾਜਰਾ ਸਾਫ਼-ਸੁਥਰੇ ਅਕਸ ਵਾਲੇ ਵਿਅਕਤੀ ਹਨ ਅਤੇ ਉਹ ਧਰਤੀ ਨਾਲ ਜੁੜ ਕੁ ਕੰਮ ਕਰਨ ਵਾਲੇ ਲੀਡਰ ਹਨ। ਉਹਨਾਂ ਕਿਹਾ ਕਿ ਸਿਰਫ਼ ਪ੍ਰੇਮ ਸਿੰਘ ਚੰਦੂਮਾਜਰਾ ਹੀ ਹਨ ਜੋਕਿ ਆਨੰਦਪੁਰ ਸਾਹਿਬ ਹਲਕੇ ਦੂ ਸਹੀ ਰੂਪ ਵਿਚ ਸਾਰ ਲੈ ਸਕਦੇ ਹਨ ਅਤੇ ਇਸ ਹਲਕੇ ਦੀ ਤਰੱਕੀ ਲਈ ਕੇਂਦਰ ਤੋਂ ਵਧੀਆ ਪ੍ਰਾਜੈਕਟ ਲਿਆ ਸਕਦੇ ਹਨ। ਉਹਨਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਹਲਕੇ ਦੇ ਸਰਵਪੱਖੀ ਵਿਕਾਸ ਲਈ ਆਉਣ ਵਾਲੀ ਇਕ ਜੂਨ ਨੂੰ ਆਪਣੀਆਂ ਵੋਟਾਂ ਤੱਕੜੀ ਦਾ ਬਟਨ ਦਬਾ ਕੇ ਪਾਉਣ ਅਤੇ ਪ੍ਰੇਮ ਸਿੰਘ ਚੰਦੂਮਾਜਰਾ ਦੀ ਜਿੱਤ ਨੂੰ ਯਕੀਨੀ ਬਣਾਉਣ। ਉਹਨਾਂ ਇਹ ਵੀ ਕਿਹਾ ਕਿ ਬਹੁਤ ਜਲਦ ਅਮਰੀਕਾ ਤੋਂ ਵੀ ਚੰਦੂਮਾਜਰਾ ਦੀ ਹਮਾਇਤ ਕਰਨ ਅਤੇ ਹਲਕੇ ਦੇ ਲੋਕਾਂ ਨੂੰ ਪ੍ਰੇਰਿਤ ਕਰਨ ਲਈ ਪੰਜਾਬੀ ਭਾਈਚਾਰੇ ਦੇ ਲੋਕ ਆਨੰਦਪੁਰ ਸਾਹਿਬ ਹਲਕੇ 'ਚ ਪਹੁੰਚ ਰਹੇ ਹਨ।

# ਗਰੀਨਵੁੱਡ ਵਿੱਚ ਸੜਕ 'ਤੇ ਹੋਈ ਮਾਮੂਲੀ ਤਕਰਾਰ 'ਚ ਯੂਬਾ ਸਿਟੀ ਦੇ ਪੰਜਾਬੀ ਨੌਜਵਾਨ ਦੀ ਮੌਤ

**ਗਰੀਨਵੁੱਡ ਸਾਂਝੀ ਸੋਚ ਬਿਊਰੋ**

ਅਮਰੀਕਾ ਦੀ ਲੂਸੀਆਨਾ ਸਟੇਟ ਦੇ ਸ਼ਹਿਰ ਗਰੀਨਵੁੱਡ ਤੋਂ ਬੜੀ ਮਾੜੀ ਖ਼ਬਰ ਸਾਹਮਣੇ ਆਈ ਹੈ। ਇੱਥੇ ਸੜਕ 'ਤੇ ਹੋਈ ਮਾਮੂਲੀ ਤਕਰਾਰ ਨੇ ਪੰਜਾਬੀ ਨੌਜਵਾਨ ਗੁਰਪ੍ਰੀਤ ਸਿੰਘ ਜੱਜ (36), ਨਿਵਾਸੀ ਯੂਬਾ ਸਿਟੀ ਕੈਲੀਫੋਰਨੀਆ ਦੀ ਜਾਨ ਲੈ ਲਈ। ਇਹ ਘਟਨਾ ਲੰਘੇ ਮੰਗਲਵਾਰ ਸਵੇਰੇ 10 ਕੁ ਵਜੇ ਦੀ ਦੱਸੀ ਜਾ ਰਹੀ ਹੈ। ਜਾਣਕਾਰੀ ਮੁਤਾਬਕ ਗੁਰਪ੍ਰੀਤ ਸਿੰਘ ਜੱਜ ਆਪਣੇ ਟਰੱਕ ਵਿੱਚ ਫਰੀਵੇਅ 20 ਤੇ ਟਰੈਵਲ ਕਰ ਰਿਹਾ ਸੀ ਕਿ ਉਸਦਾ ਡਾਰਕ ਰੰਗ ਦੇ ਐਕੁਇਰਾ ਐਸ.ਯੂ.ਵੀ ਵਾਲੇ ਡਰਾਈਵਰ ਨਾਲ ਕਿਸੇ ਗੱਲੋਂ ਝਗੜਾ ਸ਼ੁਰੂ ਹੋ ਗਿਆ। ਬਹਿਸਬਾਜੀ ਤੋਂ ਗੱਲ ਅੱਗੇ ਵਧੀ। ਦੋਵਾਂ ਡਰਾਈਵਰਾਂ ਨੇ ਗੱਡੀਆਂ 20 ਫਰੀਵੇਅ ਅਤੇ ਹਾਈਵੇਅ 80 ਦੇ ਇਗਜਟ ਨੰਬਰ ਤਿੰਨ ਦੇ ਰੈਂਪ 'ਤੇ ਕੱਢ ਲਈਆ। ਜਦੋਂ ਗੁਰਪ੍ਰੀਤ ਸਿੰਘ ਜੱਜ ਆਪਣੇ ਸੈਮੀ ਟਰੱਕ ਵਿਚੋਂ ਉਤਰਕੇ ਡਾਰਕ ਰੰਗ ਦੇ ਐਸ.ਯੂ.ਵੀ ਵੱਲ ਨੂੰ ਵਧਿਆ ਤਾਂ ਉਸਨੇ ਗੰਨ ਕੱਢ ਲਈ। ਇਹ ਵੇਖਕੇ ਗੁਰਪ੍ਰੀਤ ਸਿੰਘ ਜੱਜ ਨੇ ਭੱਜਣ ਦੀ ਕੋਸ਼ਿਸ਼ ਕੀਤੀ ਪਰ ਕਾਰ ਡਰਾਈਵਰ ਨੇ ਉਸਨੂੰ ਪਿੱਛੋਂ ਗੋਲੀਆਂ ਨਾਲ ਭੁੰਨ ਦਿੱਤਾ, ਜਿਸ ਨਾਲ ਉਸ ਦੀ ਮੌਕੇ ਤੇ ਮੌਤ ਹੋ ਗਈ। ਕਾਰ ਡਰਾਈਵਰ ਟੈਕਸਾਸ ਸਟੇਟ ਵੱਲ ਨੂੰ ਹਾਈਵੇਅ 20 'ਤੇ ਪੱਛਮ ਵੱਲ ਨੂੰ ਮੌਕੇ ਤੋਂ ਫਰਾਰ ਹੋ ਗਿਆ। ਪੁਲਸ ਮੌਕੇ 'ਤੇ ਮਜੂਦ ਹੋਰ ਟਰੱਕਾਂ ਦੇ ਕੈਮਰੇ ਖੁੰਗਾਲ ਕੇ ਦੋਸ਼ੀ ਦੀ ਪਹਿਚਾਣ ਕਰਨ ਵਿੱਚ ਲੱਗੀ ਹੋਈ ਹੈ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

GINNY BEDI LAW PC
Immigration
Divorce
Custody and Support issues
Business Disputes
Living Trusts
Criminal Matters
Misdemeanors
DUI
Ginny Bedi Attorney
ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।
255 N Market St Ste 150 San Jose CA 95110
Tel: (408) 800-0242 Fax: (408) 800-0240, Mobile: (408) 802-2501
Email: ginny@ginnybedilaw.com Web: www.ginnybedilaw.com

Serving Punjabi Mother Tongue In America For The Last 12 Years
ਸਾਂਝੀ ਸੋਚ
DAILY SANJHI SOCH NEWSPAPER
LAUNCHING SOON IN Canada
ਖ਼ਬਰਾਂ, ਆਰਟੀਕਲ, ਕਵਿਤਾਵਾਂ, ਕਹਾਣੀਆਂ ਅਤੇ ਹੋਰ ਛਪਣਯੋਗ ਸਮੱਗਰੀ
LAUNCHING SOON
info@sanjhisoch.com ਤੇ ਭੇਜੋ
ਹੋਰ ਜਾਣਕਾਰੀ ਲਈ ਸੰਪਰਕ ਕਰੋ:
+1 (209) 303-1260 +91 81463-20009

Law Offices of Ashwani K.Bhakhri
1299 Bayshore Hwy Suite 208 Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ® CalDRE # 02115235
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

PAL FILMS & PHOTO BOOKS
WWW.PALFILMS.COM
All Your Photo/Videography & Post Production needs Under One Roof
Music Video | Pre Shoots | Weddings | Birthdays | Graduations Stage Shows Or Any Kind Of Events | Customize Photobooks (upto 6 feet) Video Editing VFX/DI/CC & Much More....
Full Photo & Videography studio with Green Screen Blue Screen
PH: (925) 489 3400, (341) 356 1517
4007 Railroad Ave Pittsburgh, CA 94565 | Email: palfilms@yahoo.com, palfilms925@gmail.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**





Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS

**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**

EQUAL HOUSING OPPORTUNITY



**Apply online at www.lendingassets.com and check out the live lowest rates on our website**


OPEN
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਣਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria
MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ
SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH

DAILY NEWSPAPER

2601 Oakdale Road,
Suite H2-167 Modesto,
CA 95355 USA

Cell: (209) 303-1260

Email: info@sanjhisoch.com

Visit at: www.sanjhisoch.com

## ਅਵਤਾਰ ਪੁਰਬ 'ਤੇ ਵਿਸ਼ੇਸ਼

# ਸ੍ਰੀ ਗੁਰੂ ਤੇਗ ਬਹਾਦਰ ਜੀ




ਆਪ ਦਾ ਜਨਮ ਛੇਵੇਂ ਗੁਰੂ ਹਰਿਗੋਬਿੰਦ ਜੀ ਦੇ ਘਰ ਮਾਤਾ ਨਾਨਕੀ ਜੀ ਦੀ ਕੁੱਖੋਂ ਸੰਨ 1621 ਈ. (ਵਿਸਾਖ ਵਦੀ 5, 1678 ਬਿ.) ਨੂੰ ਅੰਮ੍ਰਿਤਸਰ ਵਿਚ ਹੋਇਆ। ਇਹ ਸਥਾਨ ਗੁਰੂ ਬਜ਼ਾਰ ਦੇ ਨਾਲ ਹੈ ,ਜਿੱਥੇ ਅਜਕਲ ਗੁਰੁਆਰਾ ਗੁਰੂ ਕੇ ਮਹਿਲ ਸੁਸ਼ੋਭਿਤ ਹੈ। ਆਪ ਦਾ ਵਿਆਹ ਕਰਤਾਰਪੁਰ ਦੇ ਨਿਵਾਸੀ ਭਾਈ ਲਾਲ ਚੰਦ ਦੀ ਸੁਪੁੱਤਰੀ ਗੁਜਰੀ ਨਾਲ ਸੰਨ 1632 ਈ. (15 ਅਸੂ, 1689 ਬਿ.) ਵਿਚ ਹੋਇਆ ।ਆਪ ਨੇ ਜਲੰਧਰ ਲਾਗੇ ਕਰਤਾਰ ਵਿੱਖੇ ਹੋਈ ਲੜਾਈ ਜੋ ਪਹਿਲੀ ਜੇਠ ਬਿ:1692 (1635 ਈ.) ਨੂੰ ਹੋਈ ਵਿਚ ਐਸੇ ਜੌਹਰ ਵਿਖਾਏ ਕਿ ਆਪ ਜੀ ਦਾ ਨਾਂ ਤੇਗ ਮਲ ਤੋਂ ਤੇਗ ਬਹਾਦਰ ਪ੍ਰਸਿੱਧ ਹੋ ਗਿਆ ।ਸੰਨ 1644 ਈ. ਵਿਚ ਆਪ ਆਪਣੀ ਪਤਨੀ ਅਤੇ ਮਾਤਾ ਸਹਿਤ ਬਕਾਲਾ ਪਿੰਡ ਵਿਚ ਆ ਵਸੇ ਜੋ ਸਮਾਂ ਪਾ ਕੇ ਆਪ ਦੇ ਨਾਂ 'ਤੇ 'ਬਾਬਾ ਬਕਾਲਾ' ਕਰਕੇ ਪ੍ਰਸਿੱਧ ਹੋਇਆ ।

ਆਪ ਦੇ ਪਿਤਾ ਗੁਰੂ ਹਰਿਗੋਬਿੰਦ ਜੀ ਤੋਂ ਬਾਦ ਗੁਰੂ ਹਰਿਰਾਇ ਜੀ ਅਤੇ ਗੁਰੂ ਹਰਿਕ੍ਰਿਸ਼ਨ ਜੀ ਕ੍ਰਮਵਾਰ ਸੱਤਵੇਂ ਅਤੇ ਅੱਠਵੇਂ ਗੁਰੂ ਬਣੇ। ਬਾਲ-ਕਾਲ ਵਿਚ ਜੋਤੀ -ਜੋਤਿ ਸਮਾਉਣ ਕਾਰਨ ਅੱਠਵੇਂ ਗੁਰੂ ਨੇ ਗੁਰੂ-ਗੱਦੀ ਦੇ ਉਤਰਾਧਿਕਾਰੀ ਬਾਰੇ ਕੇਵਲ 'ਬਾਬਾ ਬਕਾਲੇ' ਸ਼ਬਦ ਕਹੇ । ਇਸ ਅਸਪੱਸ਼ਟ ਸੰਕੇਤ ਕਾਰਨ ਗੱਦੀ ਦੇ ਕਈ ਦਾਵੇਦਾਰ ਖੜੇ ਹੋ ਗਏ । ਆਖ਼ਿਰ ਭਾਈ ਮੱਖਣ ਸ਼ਾਹ ਲੁਬਾਣਾ ਨੇ ਆਪਣੀ ਮੰਨਤ ਭੇਟਾ ਕਰਨ ਲਈ ਸੂਖਮ ਦ੍ਰਿਸ਼ਟੀ ਨਾਲ 22 ਅਖੌਤੀ ਗੱਦੀਆਂ ਵਿਚੋਂ ਸਚੇ ਗੁਰੂ ਨੂੰ ਲਭ ਲਿਆ । ਇਸ ਤਰ੍ਹਾਂ ਆਪ 20 ਮਾਰਚ 1665 ਈ. (ਚੇਤ ਸੁਦੀ 14, 1722 ਬਿ.) ਨੂੰ 43 ਵਰ੍ਹਿਆਂ ਦੀ ਉਮਰ ਵਿਚ ਗੁਰੂ-ਗੱਦੀ ਉਤੇ ਬੈਠੇ । ਉਪਰੰਤ ਆਪ ਕਈ ਗੁਰੂ-ਧਾਮਾਂ ਦੀ ਯਾਤ੍ਰਾ ਕਰਦੇ ਹੋਏ ਕੀਰਤਪੁਰ ਪਹੁੰਚੇ । ਕੁਝ ਸਮਾਂ ਉੱਥੇ ਟਿਕੇ ਅਤੇ ਫਿਰ ਨੈਣਾ ਦੇਵੀ ਦੇ ਨੇੜੇ ਸਤਲੁਜ ਨਦੀ ਦੇ ਕੰਢੇ, ਮਾਖੋਵਾਲ ਪਿੰਡ ਦੀ ਧਰਤੀ ਪਹਾੜੀ ਰਾਜਿਆਂ ਤੋਂ ਖ਼ਰੀਦ ਕੇ ਸੰਨ 1666 ਈ. (ਸੰਨ 1723 ਬਿ.) ਵਿਚ ਆਨੰਦਪੁਰ ਦੀ ਸਥਾਪਨਾ ਕੀਤੀ ਜੋ ਬਾਦ ਵਿਚ ਖ਼ਾਲਸੇ ਦੀ ਜਨਮ-ਭੂਮੀ ਵਜੋਂ ਪ੍ਰਸਿੱਧ ਹੋਈ ।

ਇਸ ਤੋਂ ਬਾਦ ਆਪ ਧਰਮ-ਪ੍ਰਚਾਰ ਲਈ ਯਾਤ੍ਰਾ ਉਤੇ ਨਿਕਲ ਪਏ ਅਤੇ ਮਾਲਵਾ ਤੇ ਬਾਂਗਰ ਖੇਤਰਾਂ ਵਿਚੋਂ ਹੁੰਦੇ ਹੋਏ ਅਹੀਆਪੁਰ (ਅਲਾਹਾਬਾਦ) ਪਹੁੰਚੇ ਅਤੇ ਫਿਰ ਉੱਥੋਂ ਬਨਾਰਸ, ਪਟਨਾ ਅਤੇ ਗਯਾ ਆਦਿ ਥਾਂਵਾਂ ਉੱਤੇ ਗਏ । ਪਰਿਵਾਰ ਨੂੰ ਪਟਨੇ ਛਡ ਕੇ ਉੱਥੋਂ ਪਹਿਲਾਂ ਬੰਗਾਲ ਵਲ ਗਏ ਅਤੇ ਕੁਝ ਸਮੇਂ ਲਈ ਢਾਕੇ ਵਿਚ ਵੀ ਰਹੇ । ਆਪ ਦੇ ਪਿਛੋਂ ਪਟਨਾ ਵਿਚ ਬਾਲਕ ਗੋਬਿੰਦ ਰਾਇ (ਗੁਰੂ ਗੋਬਿੰਦ ਸਿੰਘ ਜੀ) ਦਾ 22 ਦਸੰਬਰ 1666 ਈ. (ਪੋਹ ਸੁਦੀ ਸਪਤਮੀ, 1723 ਬਿ.) ਨੂੰ ਜਨਮ ਹੋਇਆ । ਆਪ ਜੋਧਪੁਰ ਦੇ ਰਾਜਾ ਰਾਮ ਸਿੰਘ ਨਾਲ ਅਸਾਮ ਦੀ ਮੁਹਿੰਮ ਉਤੇ ਚਲੇ ਗਏ ਅਤੇ ਉੱਥੋਂ ਦਾ ਸਾਰਾ ਮਾਮਲਾ, ਰਾਸ਼ਟਰੀ-ਹਿਤਾਂ ਨੂੰ ਮੁਖ ਰਖਦਿਆਂ, ਸ਼ਾਂਤੀ-ਪੂਰਵਕ ਹਲ ਕੀਤਾ । ਉੱਥੋਂ ਵਾਪਸ ਆ ਕੇ ਕੁਝ ਸਮਾਂ ਆਪ ਪਟਨਾ ਨਗਰ ਵਿਚ ਟਿਕੇ ਅਤੇ ਫਿਰ ਪਰਿਵਾਰ ਨੂੰ ਉਥੇ ਛਡ ਕੇ ਸੰਨ 1668 ਈ. ਵਿਚ ਆਨੰਦਪੁਰ ਪਰਤ ਆਏ॥ ਸੰਨ 1672 ਈ. ਵਿਚ ਪਟਨੇ ਤੋਂ ਆਪਣੇ ਪਰਿਵਾਰ ਨੂੰ ਵੀ ਉੱਥੇ ਸਦ ਲਿਆ ।

ਕੁਝ ਵਰ੍ਹੇ ਆਪ ਆਨੰਦਪੁਰ ਵਿਚ ਧਰਮ-ਪ੍ਰਚਾਰ ਕਰਦੇ ਰਹੇ। ਇਸੇ ਦੌਰਾਨ ਔਰੰਗਜ਼ੇਬ ਬਾਦਸ਼ਾਹ ਨੇ ਹਿੰਦੂਆਂ ਨੂੰ ਸਮੂਹਿਕ ਤੌਰ 'ਤੇ ਮੁਸਲਮਾਨ ਬਣਾਉਣ ਦੀ ਯੋਜਨਾ ਨੂੰ ਸਭ ਤੋਂ ਪਹਿਲਾਂ ਕਸ਼ਮੀਰ ਵਿਚ ਲਾਗੂ ਕਰਨ ਦਾ ਯਤਨ ਕੀਤਾ। ਫਲਸਰੂਪ ਕਸ਼ਮੀਰ ਦੇ ਬ੍ਰਾਹਮਣ ਆਪਣੇ ਧਰਮ ਦੀ ਰਖਿਆ ਲਈ ਆਪ ਦੀ ਸ਼ਰਣ ਵਿਚ ਆਏ ਅਤੇ ਸੰਨ 1675 ਈ. ਵਿਚ ਉਨ੍ਹਾਂ ਦੇ ਧਾਰਮਿਕ ਸੰਕਟ ਨੂੰ ਖ਼ਤਮ ਕਰਨ ਲਈ ਕੁਝ ਸਿੱਖ-ਸੇਵਕਾਂ ਨੂੰ ਨਾਲ ਲੈ ਕੇ ਆਪ ਦਿੱਲੀ ਵਲ ਚਲ ਪਏ । ਯਾਤ੍ਰਾ ਦੌਰਾਨ ਆਪ ਕਈ ਨਗਰਾਂ/ ਉਪਨਗਰਾਂ ਵਿਚ ਠਹਿਰੇ ਅਤੇ ਧਰਮ ਪ੍ਰਤਿ ਦ੍ਰਿੜ੍ਹਤਾ ਦਾ ਪ੍ਰਚਾਰ ਕਰਦੇ ਰਹੇ । ਦਿੱਲੀ ਪਹੁੰਚਣ ਤੋਂ ਪਹਿਲਾਂ ਆਪ ਨੂੰ ਆਗਰੇ ਵਿਚ ਬੰਦੀ ਬਣਾ ਲਿਆ ਗਿਆ । ਬਾਦਸ਼ਾਹ ਵਲੋਂ ਮੁਸਲਮਾਨ ਬਣਨ ਦੀ ਹਰ ਪ੍ਰਕਾਰ ਦੀ ਪੇਸ਼ਕਸ਼ ਨੂੰ ਆਪ ਨੇ ਠੁਕਰਾ ਦਿੱਤਾ । ਬਾਦਸ਼ਾਹ ਨੇ ਆਪ ਨੂੰ 11 ਨਵੰਬਰ 1675 ਈ. (ਮਘਰ ਸੁਦੀ 5, 1732 ਬਿ.) ਨੂੰ ਦਿੱਲੀ ਵਿਚ ਕੋਤਵਾਲੀ ਦੇ ਨੇੜੇ ਗੁਰਦੁਆਰਾ ਸੀਸਗੰਜ ਵਾਲੇ ਸਥਾਨ ਉਤੇ ਸ਼ਹੀਦ ਕਰ ਦਿੱਤਾ ।







ਭਾਈ ਲੱਖੀ ਸ਼ਾਹ ਨੇ ਆਪਣੇ ਤਿੰਨ ਪੁਤਰਾਂ ਨਿਗਾਹੀਆ ,ਹੇਮਾ,ਹਾੜ੍ਹੀ ਤੇ ਚੌਥੇ ਸਿੱਖ ਭਾਈ ਧੂਮਾ ਦੀ ਮਦਦ ਨਾਲ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਧੜ੍ਹ ਨੂੰ ਆਪਣੇ ਰੂੰ ਵਾਲੇ ਗੱਡੇ ਵਿਚ ਲੁਕਾ ਕੇ ਆਪਣੇ ਘਰ ਪਿੰਡ ਰਾਇਨਸੀਨਾ ਲੈ ਆਦਾ ਤੇ ਘਰ ਨੂੰ ਅੱਗ ਲਾ ਕੇ ਸਸਕਾਰ ਕਰ ਦਿੱਤਾ ।ਇਸ ਸਥਾਨ ਉਤੇ ਹੁਣ ਗੁਰਦੁਆਰਾ ਰਕਾਬਗੰਜ (ਨਵੀਂ ਦਿੱਲੀ) ਬਣਿਆ ਹੋਇਆ ਹੈ ।

ਆਪ ਦੇ ਸੀਸ ਨੂੰ ਚਾਦਰ ਵਿਚ ਲਪੇਟ ਕੇ ਭਾਈ ਜੈਤਾ ਆਨੰਦਪੁਰ ਪਹੁੰਚਿਆ ਜਿਥੇ ਬਾਲਕ ਗੋਬਿੰਦ ਰਾਇ ਨੇ ਬੜੇ ਸਤਿਕਾਰ ਨਾਲ ਉਸ ਦਾ ਸਸਕਾਰ ਕੀਤਾ । ਇਸ ਸਦ-ਉਦਮ ਕਾਰਨ ਇਤਿਹਾਸ ਵਿਚ ਭਾਈ ਜੈਤਾ ਨੂੰ 'ਗੁਰੂ ਕਾ ਬੇਟਾ 'ਅਖਵਾਉਣ ਦਾ ਸਨਮਾਨ ਪ੍ਰਾਪਤ ਹੋਇਆ । 'ਬਚਿਤ੍ਰ ਨਾਟਕ' ਵਿਚ ਆਪ ਦੇ ਮਹਾਂ-ਬਲਿਦਾਨ ਦੀ ਘਟਨਾ ਬਾਰੇ ਲਿਖਿਆ ਹੈ: ਠੀਕਰਿ ਫੋਰਿ ਦਿਲੀਸ ਸਿਰਿ ਪ੍ਰਭੁਪੁਰ ਕੀਯਾ ਪਯਾਨ । ਤੇਗ ਬਹਾਦਰ ਸੀ ਕ੍ਰਿਆ ਕਰੀ ਨ ਕਿਨਹੂੰ ਆਨ । ਆਪ ਕੁਲ 10 ਵਰ੍ਹੇ, 7 ਮਹੀਨੇ ਅਤੇ 18 ਦਿਨ ਗੁਰੂ-ਗੱਦੀ ਉਤੇ ਬਿਰਾਜਮਾਨ ਰਹੇ। ਆਪ ਦੀ ਸ਼ਹਾਦਤ ਤੋਂ ਬਾਦ ਆਪ ਦੇ ਸੁਪੁੱਤਰ ਗੋਬਿੰਦ ਰਾਇ ਜੀ ਗੁਰੂ-ਗੱਦੀ ਉਤੇ ਬੈਠੇ, ਜਿਨ੍ਹਾਂ ਨੇ ਕੌਮ ਨੂੰ ਇਕ ਨਵੀਂ ਸੇਧ ਦਿੱਤੀ।

ਏਥੇ ਵਰਨਯੋਗ ਹ ੈਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਦ੍ਰਿੜਤਾ ਨੂੰ ਵੇਖਦੇ ਹੋਇ ਸ਼ਹਾਦਤ ਤੋਂ ਇਕ ਦਿਨ ਪਹਿਲਾਂ 10 ਨਵੰਬਰ 1675 ਈ. ਨੂੰ ਆਪ ਜੀ ਦੇ ਤਿੰਨ ਸਿੱਖਾਂ ਨੂੰ ਸਖ਼ਤ ਤਸੀਹੇ ਦੇ ਕੇ ਸ਼ਹੀਦ ਕੀਤਾ ਗਿਆ। ਭਾਈ ਮਤੀਦਾਸ ਜੀ ਨੂੰ ਆਰੇ ਨਾਲ ਚੀਰ ਕੇ ਸ਼ਹੀਦ ਕੀਤਾ ਗਿਆ। ਭਾਈ ਸਤੀ ਦਾਸ ਜੀ ਨੂੰ ਰੂੰ ਵਿਚ ਲਪੇਟ ਕੇ ਸਾੜ ਕੇ ਸ਼ਹੀਦ ਕੀਤਾ ਗਿਆ। ਭਾਈ ਦਿਆ ਦਾਸ ਜੀ ਨੂੰ ਉਬਲਦੀ ਦੇਗ਼ ਵਿਚ ਪਾ ਕੇ ਸ਼ਹੀਦ ਕੀਤਾ ਗਿਆ। ਪਰ ਆਪ ਜੀ ਅਡੋਲ ਰਹੇ।

ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਲਿਖੇ ਹੋਏ 59 ਸ਼ਬਦ ਅਤੇ 57 ਸਲੋਕ ਹਨ। ਸਲੋਕ ਤਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅੰਤ ਵਿੱਚ ਦਰਜ ਹਨ । ਸ਼ਬਦ 15 ਰਾਗਾਂ ਵਿੱਚ ਹਨ ।ਗਉੜੀ ਰਾਗ ਵਿਚ 9,ਤਿਲੰਗ 3, ਆਸਾ 1,ਬਿਲਾਵਲ 3,ਦੇਵਗੰਧਾਰੀ 3, ਬਿਹਾਗੜਾ 1,ਮਾਰੂ 3,ਸੋਰਠ 12, ਬਸੰਤ 5,ਧਨਾਸਰੀ4 ,ਸਾਰੰਗ 4, ਰਾਮਕਲੀ 3, ਜੈਤਸਰੀ 3, ਜੈਜਾਵੰਤੀ 4, ਟੋਡੀ 1 ਜੋੜ =59 ।ਇੱਥੇ ਵਰਨਣਯੋਗ ਹੈ ਕਿ ਜੈਜਾਵੰਤੀ ਰਾਗ ਸਿਰਫ ਗੁਰੂ ਤੇਗ ਬਹਾਦਰ ਸਾਹਿਬ ਨੇ ਵਰਤਿਆ ਹੈ।

ਗੁਰੂ ਤੇਗ ਬਹਾਦਰ ਨਾਲ ਸਬੰਧਿਤ ਗੁਰਦੁਆਰੇ: ਗੁਰੂ ਜੀ ਦੇ ਕੁਝ ਪ੍ਰਸਿੱਧ ਗੁਰਦੁਆਰੇ ਇਸ ਪ੍ਰਕਾਰ ਹਨ:1ਜਨਮ ਅਸਥਾਨ - 'ਗੁਰੂ ਕਾ ਮਹਲ' ਅੰਮ੍ਰਿਤਸਰ (ਸੰਨ 1621) 2.ਬਾਬਾ ਬਕਾਲਾ ਜ਼ਿਲਾ ਅੰਮ੍ਰਿਤਸਰ - ਪ੍ਰਗਟ ਹੋਏ (ਸੰਨ 1664) 3 ਥੜ੍ਹਾ ਸਾਹਿਬ ਅੰਮ੍ਰਿਤਸਰ - ਸ੍ਰੀ ਅਕਾਲ ਤਖ਼ਤ ਦੇ ਨਾਲ ਜਿੱਥੇ ਸੰਨ 1664 ਵਿੱਚ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਆਏ ਇਥੇ ਠਹਿਰੇ ਸਨ 4 ਦਮਦਮਾ ਸਾਹਿਬ (ਮਾਲ ਮੰਡੀ ਅੰਮ੍ਰਿਤਸਰ), ਵੱਲਾ ਪਿੰਡ ਜਾਣ ਸਮੇਂ ਏਥੇ ਕੁਝ ਸਮਾਂ ਠਹਿਰੇ 5 ਕੋਠਾ ਸਾਹਿਬ (ਪਿੰਡ ਵੱਲਾ, ਜ਼ਿਲ੍ਹਾ ਅੰਮ੍ਰਿਤਸਰ)।

ਅੰਮ੍ਰਿਤਸਰ ਤੋਂ ਵਾਪਸੀ 'ਤੇ ਇਸ ਪਿੰਡ ਟਿਕੇ ਸਨ 6 ਘੁਕਵਾਲੀ ਜਿਸ ਨੂੰ ਅਜਕਲ ਗੁਰੂ ਕਾ ਬਾਗ ਕਿਹਾ ਜਾਂਦਾ ਹੈ 7 ਕਰਤਾਰਪੁਰ-ਕੀਰਤਪੁਰ ਨੂੰ ਜਾਂਦੇ ਹੋਇ ਏਥੇ ਠਹਿਰੇ 8 ਅਨੰਦਪੁਰ ਸਾਹਿਬ ਵਿੱਚ ਗੁਰਦੁਆਰੇ :- ਗੁਰਦੁਆਰਾ ਗੁਰੂ ਕੇ ਮਹਿਲ, ਗੁਰਦੁਆਰਾ ਭੋਰਾ ਸਾਹਿਬ, ਗੁਰਦੁਆਰਾ ਮੰਜੀ ਸਾਹਿਬ, ਗੁਰਦੁਆਰਾ ਦਮਦਮਾ ਸਾਹਿਬ, ਗੁਰਦੁਆਰਾ ਸੀਸ ਗੰਜ, ਗੁਰਦੁਆਰਾ ਅਕਾਲ ਬੁੰਗਾ 9. ਗੁਰਦੁਆਰਾ ਮਾਈ ਥਾਨ (ਆਗਰਾ) 10 ਗੁਰਦੁਆਰਾ ਵੱਡੀ ਸੰਗਤ (ਸਸਰਾਮ ਬੰਗਾਲ)11 ਗੁਰਦੁਆਰਾ ਬੜੀ ਸੰਗਤਿ (ਕਟੜਾ ਰੇਸ਼ਮ, ਬਨਾਰਸ) 12 ਕੜ੍ਹਾ ਜ਼ਿਲ੍ਹਾ ਉਤਰਪ੍ਰਦੇਸ਼13 ਗੁਰਦੁਆਰਾ ਸੀਸ ਗੰਜ ਦਿੱਲੀ 14 ਰਕਾਬ ਗੰਜ ਦਿੱਲੀ। ਗੁਰੂ ਤੇਗ ਬਹਾਦਰ ਸਾਹਿਬ ਤੇ ਭਾਰਤ ਤੋਂ ਇਲਾਵਾ ਪਾਕਿਸਤਾਨ ਤੇ ਹੋਰਨਾਂ ਮੁਲਕਾਂ ਵਿਚਲੇ ਗੁਰੂਧਾਮਾਂ ਜਾਣਕਾਰੀ ਲੈਣ ਲਈ ਵੇਖੋ : ਗੁਰਦੁਆਰਾ ਕੋਸ਼,ਸੰਪਾਦਕ ਡਾ. ਜਸਬੀਰ ਸਿੰਘ ਸਰਨਾ, ਦਿਲਜੀਤ ਸਿੰਘ ਬੇਦੀ, ਪ੍ਰਕਾਸ਼ਕ ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅੰਮ੍ਰਿਤਸਰ,2016

Matrimonial

ਕੰਨਿਆ ਦੀ ਲੋੜ
ਅਮਰੀਕਨ ਨਾਗਰਿਕ ਸਿੱਖ ਮੁੰਡਾ ਜਨਮ 1984, 5'10" ਤਲਾਕਸ਼ੁਦਾ ਕੋਈ ਬੱਚਾ ਨਹੀਂ, ਲਈ ਅਮਰੀਕਾ ਵਿੱਚ ਪੱਕੀ ਜਾਂ ਗਰੀਨ ਕਾਰਡ ਹੋਲਡਰ ਲੜਕੀ ਦੀ ਜਰੂਰਤ ਹੈ।
ਸੰਪਰਕ- +1(510) 200-1772

Looking for a Bride for American Citizen Sikh Boy divorced from short marriage, No Kids. Born in 1984, height 5'10". Looking for American Citizen or Green Card Holder Girl.
Contact- +1(510) 200-1772


ਆਮ ਆਦਮੀ ਪਾਰਟੀ ਵੱਲੋਂ
ਐਡਵੋਕੇਟ ਸ. ਕਸ਼ਮੀਰ ਸਿੰਘ ਮੱਲ੍ਹੀ ਨੂੰ
ਸਟੇਟ ਲੀਗਲ ਵਿੰਗ ਦੇ Vice President ਲਾਉਣ 'ਤੇ
ਬਹੁਤ-ਬਹੁਤ ਮੁਬਾਰਕਾਂ
ਆਪ
ਆਮ ਆਦਮੀ ਪਾਰਟੀ
ਸ. ਕਸ਼ਮੀਰ ਸਿੰਘ ਮੱਲ੍ਹੀ
ਜਾਰੀ ਕਰਤਾ : ਬੂਟਾ ਸਿੰਘ ਬਾਸੀ, CEO ਸਾਂਝੀ ਸੋਚ ਟੀਵੀ


Star India
SWEETS AND CATERING
VEG AND NON-VEG
Entrees
DESSERTS
APPETIZERS
BEVERAGES
SIDES ETC.
RENOWNED CHEFS
HIGH QUALITY INGREDIENTS
ਵਿਆਹ - ਸ਼ਾਦੀਆਂ ਜਾਂ ਪਾਰਟੀਆਂ ਲਈ 2000 ਬੰਦਿਆਂ ਦੀ ਕੇਟਰਿੰਗ ਦਾ ਵੀ ਖਾਸ ਪ੍ਰਬੰਧ
ਦੇਸੀ ਘੀ ਦੀਆਂ ਸਵਾਦਿਸ਼ਟ ਤੇ ਤਾਜ਼ੀਆਂ ਮਠਿਆਈਆਂ ਖ਼ਾਸ ਮੌਕਿਆਂ ਲਈ
ORDERS ਤੇ ਕਰਵਾਓ ਤਿਆਰ
DINE IN AND TO GO ORDERS ALSO AVAILABLE
ਹਫ਼ਤੇ ਦੇ 7 ਤੇ ਦਿਨ ਖੁੱਲਾ : 10am-9pm
PHONE NUMBER:
(209) 629-8511, (209)858-1380
CELL ( ASHOK VERMA) (209) 681-5171
Address :- 209 E Louise Ave, Lathrop, CA , 95330



# GINNY BEDI LAW PC



**Ginny Bedi Attorney**

- ★ Immigration
- ★ Divorce
- ★ Custody and Support issues
- ★ Business Disputes
- ★ Living Trusts
- ★ Criminal Matters
- ★ Misdemeanors
- ★ DUI

**ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।**

**255 N Market St Ste 150 San Jose CA 95110**

Tel: (408) 800-0242 Fax: (408) 800-0240, Mobile: (408) 802-2501

Email: ginny@ginnybedilaw.com Web: www.ginnybedilaw.com

# ਪਿਛਲੇ 72 ਘੰਟਿਆਂ ਦੌਰਾਨ ਜ਼ਿਲ੍ਹੇ ਦੀ ਮੰਡੀਆਂ ਵਿੱਚ 133 ਫ਼ੀਸਦੀ ਦਰ ਨਾਲ ਕਣਕ ਦੀ ਚੁਕਾਈ -ਘਨਸ਼ਾਮ ਥੋਰੀ

**ਅੰਮ੍ਰਿਤਸਰ ਡਾ.ਰਾਜਿੰਦਰ ਰਿਖੀ**

ਜ਼ਿਲ੍ਹੇ ਦੀਆਂ ਮੰਡੀਆਂ ਵਿਚ ਕਣਕ ਦੀ ਖਰੀਦ ਪੂਰੇ ਜੋਰਾਂ ਨਾਲ ਚੱਲ ਰਹੀ ਹੈ ਅਤੇ ਪਿਛਲੇ 72 ਘੰਟਿਆਂ ਦੌਰਾਨ ਜਿਲੇ ਦੀਆਂ ਮੰਡੀਆਂ ਵਿੱਚ 133 ਫੀਸਦੀ ਦਰ ਨਾਲ ਕਣਕ ਦੀ ਚੁਕਾਈ ਹੋ ਰਹੀ ਹੈ।ਇਹ ਸ਼ਬਦ ਅੱਜ ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਨੇ ਰਈਆ ਮੰਡੀ ਵਿਚ ਗੱਲਬਾਤ ਕਰ ਦੀਆਂ ਕਹੇ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਦੀਆਂ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਨਹੀਂ ਆ ਰਹੀ ਅਤੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਮੰਡੀਆਂ ਵਿੱਚ ਪੂਰੇ ਇੰਤਜਾਮ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਨੇ ਅੱਜ ਰਈਆ ਮੰਡੀ ਦਾ ਦੌਰਾ ਕਰਨ ਉਪਰੰਤ ਦੱਸਿਆ ਕਿ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਤੇਜ਼ੀ ਨਾਲ ਖਰੀਦ ਕੀਤੀ ਗਈ ਕਣਕ ਦੀ ਚੁਕਾਈ ਵੀ ਕੀਤੀ ਜਾ ਰਹੀ ਹੈ ।ਉਹਨਾਂ ਦੱਸਿਆ ਕਿ ਪਨਗਰੇਨ ਏਜੰਸੀ ਵੱਲੋਂ 87 ਫੀਸਦੀ ਮਾਰਕਫੈਡ ਏਜੰਸੀ ਵੱਲੋਂ 83 ਫੀਸਦੀ ਪਨਗਰੇਨ ਵੱਲੋਂ 112 ਫੀਸਦੀ ਪੰਜਾਬ ਸਟੇਟ ਵੇਅਰ ਹਾਉਸ ਏਜੰਸੀ ਵੱਲੋਂ 154 ਫੀਸਦੀ ਅਤੇ ਫੂਡ ਕਾਰਪੋਰੇਸ਼ਨ ਆਫ ਇੰਡੀਆ ਵੱਲੋਂ 133 ਫੀਸਦੀ ਨਾਲ ਕਣਕ ਦੀ ਚੁਕਾਈ ਕੇ ਕੀਤੀ ਜਾ ਰਹੀ ਹੈ ਉਹਨਾਂ ਦੱਸਿਆ ਕਿ ਪਿਛਲੇ 48 ਘੰਟਿਆਂ ਦੌਰਾਨ ਵੱਖ-ਵੱਖ ਏਜੰਸੀਆਂ ਵੱਲੋਂ ਖਰੀਦ ਕੀਤੀ ਗਈ ਕਣਕ ਦੀ ਪੇਮੈਂਟ ਵੀ ਯਕੀਨੀ ਬਣਾਈ ਜਾ ਰਹੀ ਹੈ ਅਤੇ ਸਾਰੀਆਂ ਏਜੰਸੀਆਂ ਵੱਲੋਂ ਕਿਸਾਨਾਂ ਨੂੰ ਸਮੇਂ ਦੇ ਅੰਦਰ ਅੰਦਰ ਅਦਾਇਗੀ ਕੀਤੀ ਜਾ ਰਹੀ ਹੈ। ਡਿਪਟੀ



ਕਮਿਸ਼ਨਰ ਨੇ ਰਈਆਂ ਮੰਡੀ ਵਿਖੇ ਕਿਸਾਨਾਂ ਨਾਲ ਗੱਲਬਾਤ ਵੀ ਕੀਤੀ ਅਤੇ ਉਹਨਾਂ ਦੀਆਂ ਮੁਸ਼ਕਿਲਾਂ ਨੂੰ ਜਾਣਿਆ। ਥੋਰੀ ਨੇ ਮੌਕੇ ਤੇ ਹੀ ਅਧਿਕਾਰੀਆਂ ਨੂੰ ਕਿਸਾਨਾਂ ਦੀਆਂ ਮੁਸ਼ਕਿਲਾਂ ਹੱਲ ਕਰਨ ਦੇ ਆਦੇਸ਼ ਦਿੱਤੇ। ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈ ਕੰਟਰੋਲਰ ਸਰਤਾਜ ਸਿੰਘ ਚੀਮਾ ਨੇ ਦੱਸਿਆ ਕਿ ਅੰਮ੍ਰਿਤਸਰ ਵਿਚ ਕਣਕ ਦਾ ਸੀਜ਼ਨ ਪੂਰੇ ਰਾਜ ਵਿਚ ਸਭ ਤੋਂ ਦੇਰੀ ਨਾਲ ਸ਼ੁਰੂ ਹੁੰਦਾ ਹੈ, ਪਰ ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਦੀ ਬਦੌਲਤ ਸਾਡੀ ਤਿਆਰੀ ਰਾਜ ਦੇ ਬਰਾਬਰ ਹੀ ਸੀ, ਜਿਸ ਸਦਕਾ ਅਸੀਂ ਮੰਡੀਆਂ ਵਿਚੋਂ ਕਣਕ ਦੀ ਚੁਕਾਈ ਨਾਲੋ-ਨਾਲ ਕਰਨ ਉਤੇ ਪਹੁੰਚ ਗਏ ਹਾਂ। ਉਨਾਂ ਕਿਹਾ ਕਿ ਸਾਡੀ ਕੋਸ਼ਿਸ਼ ਹੈ ਕਿ ਭਵਿੱਖ ਵਿਚ ਵੀ ਅਸੀਂ ਕਣਕ ਦੀ ਚੁਕਾਈ 72 ਘੰਟਿਆਂ ਤੋਂ ਪਹਿਲਾਂ ਕਰਨ ਦੀ ਹੈ ਅਤੇ ਇਸ ਲਈ ਸਾਡੀ ਪੂਰੀ ਤਿਆਰੀ ਹੈ, ਜਿਸ ਨਾਲ ਮੰਡੀਆਂ ਵਿਚ ਕਣਕ ਰੱਖਣ ਲਈ ਥਾਂ ਦੀ ਕਮੀ ਨਹੀਂ ਆਵੇਗੀ ਅਤੇ ਨਾਲ ਹੀ ਕਣਕ ਦੀ ਕੁਆਲਟੀ ਪੱਧਰ ਵੀ ਮੀਂਹ-ਕਣੀ ਤੋਂ ਬਚ ਜਾਣ ਕਾਰਨ ਵਧੀਆ ਰਹੇਗਾ।
ਦੂਸਰੇ ਪਾਸੇ ਰਈਆ ਮੰਡੀ ਵਿਚ ਕਈ ਆੜ੍ਹਤ ਦੀਆ ਅਜਿਹੀਆਂ ਵੀ ਦੁਕਾਨਾਂ ਹਨ ਜਿੱਥੇ 10 ਦਿਨ ਪਹਿਲਾ ਖ਼ਰੀਦ ਕੀਤੀ ਕਣਕ ਦੀ ਅਜੇ ਤੱਕ ਚੁਕਾਈ ਨਹੀਂ ਹੋਈ ਜੋ ਕਿ ਸਰਕਾਰੀ ਕੰਮ ਦੀ ਪੋਲ ਖੋਲ੍ਹ ਰਹੀ ਹੈ। ਸਰਕਾਰੀ ਦਾਅਵਿਆਂ ਨੂੰ ਨਕਾਰ ਰਹੀ ਹੈ। ਮੰਡੀ ਵਿਚ ਜਿਨ੍ਹਾਂ ਠੇਕੇਦਾਰਾਂ ਨੇ ਟਰਾਂਸਪੋਰਟ ਦੇ ਠੇਕੇ ਲਏ ਹਨ ਉਨ੍ਹਾਂ ਪਾਸ ਬਹੁਤ ਘੱਟ ਗਿਣਤੀ ਵਿਚ ਗੱਡੀਆਂ ਹਨ ਜਿਸ ਕਰਕੇ ਢੋਆ ਢੁਆਈ ਵਿਚ ਭਾਰੀ ਦਿੱਕਤ ਆ ਰਹੀ ਹੈ।
ਦੱਸਣਯੋਗ ਹੈ ਕਿ ਡਿਪਟੀ ਕਮਿਸ਼ਨਰ ਸ੍ਰੀ ਘਨਸ਼ਾਮ ਥੋਰੀ ਵੱਲੋਂ ਕਣਕ ਦੀ ਖਰੀਦ ਬਾਬਤ ਰੋਜ਼ਾਨਾ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਜਾਂਦੀ ਹੈ ਅਤੇ ਹਰੇਕ ਐਸ ਡੀ ਐਮ ਨੂੰ ਰੋਜ਼ਾਨਾ ਆਪਣੇ ਹਲਕੇ ਦੀਆਂ ਮੰਡੀਆਂ ਦੀ ਸਾਰ ਲੈਣ ਦੀ ਹਦਾਇਤ ਕੀਤੀ ਗਈ ਹੈ। ਉਹ ਖ਼ੁਦ ਵੀ ਦੋ ਵਾਰ ਭਗਤਾਂਵਾਲਾ ਮੰਡੀ, ਜੰਡਿਆਲਾ ਮੰਡੀ ਅਤੇ ਮਜੀਠਾ ਮੰਡੀ ਦਾ ਦੌਰਾ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਕਰ ਚੁੱਕੇ ਹਨ, ਜਿਸ ਸਦਕਾ ਖਰੀਦ ਵਿਚ ਕੋਈ ਅੜਿਕਾ ਨਹੀਂ ਰਿਹਾ ਹੈ ਅਤੇ ਸਾਰੀਆਂ ਧਿਰਾਂ ਇਕ ਟੀਮ ਵਜੋਂ ਕੰਮ ਕਰ ਰਹੀਆਂ ਹਨ।

## ਐਡਵੋਕੇਟ ਕਸ਼ਮੀਰ ਸਿੰਘ ਮੱਲੀ ਨੂੰ ਆਪ ਲੀਗਲ ਵਿੰਗ ਪੰਜਾਬ ਦਾ ਮੀਤ ਪ੍ਰਧਾਨ ਬਣਾਇਆ ਗਿਆ

**ਫਗਵਾੜਾ ਸਾਂਝੀ ਸੋਚ ਬਿਊਰੋ**

ਆਮ ਆਦਮੀ ਪਾਰਟੀ ਵੱਲੋਂ ਆਪਣੇ ਵੱਖ-ਵੱਖ ਵਿੰਗ ਵਿੱਚ ਵਾਧਾ ਕੀਤਾ ਜਾ ਰਿਹਾ ਹੈ। ਇਸੇ ਤਹਿਤ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਐਡਵੋਕੇਟ ਕਸ਼ਮੀਰ ਸਿੰਘ ਮੱਲੀ ਨੂੰ ਲੀਗਲ ਵਿੰਗ ਪੰਜਾਬ ਦੇ ਮੀਤ ਪ੍ਰਧਾਨ ਦਾ ਅਹੁਦਾ ਦੇ ਕੇ ਨਿਵਾਜਿਆ ਗਿਆ ਹੈ। ਵਰਣਨਯੋਗ ਹੈ ਕਿ ਐਡਵੋਕੇਟ ਕਸ਼ਮੀਰ ਸਿੰਘ ਮੱਲੀ ਨੂੰ ਪਿਛਲੇ ਸਾਲ ਜਨਵਰੀ ਮਹੀਨੇ ਨਗਰ ਸੁਧਾਰ ਟਰਸਟ ਫਗਵਾੜਾ ਦਾ ਚੇਅਰਮੈਨ ਬਣਾਇਆ ਗਿਆ ਸੀ।ਕਸ਼ਮੀਰ ਸਿੰਘ ਮੱਲੀ ਸ਼ੁਰੂ ਤੋਂ ਹੀ ਆਪਣੇ ਪੇਸ਼ੇ ਦੇ ਨਾਲ-ਨਾਲ ਸਮਾਜ ਸੇਵਾ ਦੇ ਕੰਮਾਂ ਨਾਲ ਵੀ ਜੁੜੇ ਹੋਏ ਹਨ ਅਤੇ ਜਨਤਾ ਦੀ ਨਿਸ਼ਕਾਮ ਸੇਵਾ ਕਰਦੇ ਆ ਰਹੇ ਹਨ। ਉਹਨਾਂ ਦੀਆਂ ਸਮਾਜ ਪ੍ਰਤੀ ਅਜਿਹੀਆਂ ਸੇਵਾਵਾਂ ਨੂੰ ਦੇਖਦੇ ਹੋਏ ਹੀ ਉਹਨਾਂ ਨੂੰ ਨਗਰ ਸੁਧਾਰ ਟਰਸਟ ਫਗਵਾੜਾ ਦਾ ਚੇਅਰਮੈਨ ਬਣਾਇਆ ਗਿਆ ਸੀ। ਐਡਵੋਕੇਟ ਕਸ਼ਮੀਰ





Aam Aadmi Party

Announcement

Adv. KASHMIR SINGH MALLI | Legal Wing | State Vice President

ਸਿੰਘ ਮੱਲੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਪਹਿਲਾਂ ਵੀ ਉਹਨਾਂ ਨੂੰ ਬਹੁਤ ਹੀ ਜ਼ਿੰਮੇਵਾਰੀ ਵਾਲਾ ਅਹੁਦਾ ਦਿੱਤਾ ਗਿਆ ਹੈ, ਪਰ ਹੁਣ ਉਹਨਾਂ ਨੂੰ ਆਮ ਆਦਮੀ ਪਾਰਟੀ ਪੰਜਾਬ ਦੇ ਲੀਗਲ ਵਿੰਗ ਦਾ ਮੀਤ ਪ੍ਰਧਾਨ ਬਣਾ ਕੇ ਰਾਸ਼ਟਰੀ ਜਨਰਲ ਸਕੱਤਰ ਡਾ.ਸੰਦੀਪ ਪਾਠਕ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਪ੍ਰਿੰਸੀਪਲ ਬੁੱਧ ਰਾਮ ਵੱਲੋਂ ਜੋ ਮਾਣ ਬਖਸ਼ਿਆ ਗਿਆ ਹੈ, ਉਸ ਲਈ ਉਹ ਉਹਨਾਂ ਦੇ ਤਹਿ ਦਿਲੋਂ ਧੰਨਵਾਦੀ ਹਨ ਅਤੇ ਉਹ ਪਾਰਟੀ ਹਾਈ ਕਮਾਂਡ ਨੂੰ ਇਹ ਯਕੀਨ ਦਿਵਾਉਂਦੇ ਹਨ ਕਿ ਉਹਨਾਂ ਉਪਰ ਭਰੋਸਾ ਕਰਦੇ ਹੋਏ ਪਾਰਟੀ ਨੇ ਜੋ ਵੀ ਜ਼ਿੰਮੇਵਾਰੀ ਉਹਨਾਂ ਨੂੰ ਸੌਂਪੀ ਹੈ, ਉਹ ਪੂਰੀ ਤਨਦੇਹੀ ਨਾਲ ਉਸਨੂੰ ਨਿਭਾਉਣ ਲਈ ਹਮੇਸ਼ਾ ਤਤਪਰ ਰਹਿਣਗੇ। ਐਡਵੋਕੇਟ ਕਸ਼ਮੀਰ ਸਿੰਘ ਮੱਲੀ ਦੀ ਇਸ ਨਿਯੁਕਤੀ ਨਾਲ ਉਹਨਾਂ ਨੂੰ ਚਾਹੁਣ ਵਾਲਿਆਂ ਵਿਚ ਖੁਸ਼ੀ ਦੀ ਲਹਿਰ ਹੈ ਅਤੇ ਉਹਨਾਂ ਦੇ ਪ੍ਰਸ਼ੰਸਕ ਉਹਨਾਂ ਨੂੰ ਫੋਨ, ਸੋਸ਼ਲ ਮੀਡੀਆ ਅਤੇ ਮਿਲ ਕੇ ਵਧਾਈਆਂ ਦੇ ਰਹੇ ਹਨ।

## ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਅਤੇ ਸਮੂਹ ਉਪ ਮੰਡਲ ਮੈਜਿਸਟਰੇਟ ਵੱਲੋਂ ਜ਼ਿਲ੍ਹੇ ਦੀਆਂ ਮੁੱਖ ਅਨਾਜ ਮੰਡੀਆਂ ਦਾ ਦੌਰਾ

**ਸੰਗਰੂਰ ਸਾਂਝੀ ਸੋਚ ਬਿਊਰੋ**

ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਅਤੇ ਸਮੂਹ ਉਪ ਮੰਡਲ ਮੈਜਿਸਟਰੇਟ ਵੱਲੋਂ ਅੱਜ ਜ਼ਿਲ੍ਹਾ ਸੰਗਰੂਰ ਦੀਆਂ ਵੱਖ-ਵੱਖ ਮੁੱਖ ਅਨਾਜ ਮੰਡੀਆਂ ਦਾ ਦੌਰਾ ਕਰਕੇ ਕਣਕ ਦੀ ਖਰੀਦ ਦੇ ਚੱਲ ਰਹੇ ਸਾਰੇ ਪ੍ਰਬੰਧਾਂ ਦਾ ਨਿਰੀਖਣ ਕੀਤਾ। ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਅਨਾਜ ਮੰਡੀਆਂ ਵਿੱਚ ਹੁਣ ਤੱਕ ਸਰਕਾਰੀ ਖਰੀਦ ਏਜੰਸੀਆਂ ਵੱਲੋਂ ਖਰੀਦੀ ਗਈ ਕਣਕ ਦੀ ਲਿਫਟਿੰਗ ਪ੍ਰਕਿਰਿਆ ਵਿੱਚ ਹੋਰ ਤੇਜ਼ੀ ਲਿਆਉਣ ਦੇ ਆਦੇਸ਼ ਦਿੱਤੇ। ਇਸੇ ਦੌਰਾਨ ਡਿਪਟੀ ਕਮਿਸ਼ਨਰ ਦੀਆਂ ਹਦਾਇਤਾਂ ਤਹਿਤ ਅੱਜ ਸਮੂਹ ਉਪ ਮੰਡਲ ਮੈਜਿਸਟਰੇਟ ਨੇ ਵੀ ਆਪੋ ਆਪਣੀਆਂ ਸਬ ਡਵੀਜ਼ਨਾਂ ਅਧੀਨ ਆਉਂਦੀਆਂ ਮੁੱਖ ਮੰਡੀਆਂ ਦਾ ਦੌਰਾ ਕਰਕੇ ਖਰੀਦ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਹਨਾਂ ਨੇ ਅਨਾਜ ਮੰਡੀਆਂ ਵਿੱਚ ਮੌਜੂਦ ਕਿਸਾਨਾਂ, ਆੜਤੀਆਂ, ਮਜ਼ਦੂਰਾਂ ਆਦਿ ਨਾਲ ਗੱਲਬਾਤ ਵੀ ਕੀਤੀ। ਉਹਨਾਂ ਕਿਹਾ ਕਿ ਸਮੂਹ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਕਿਸਾਨਾਂ ਦੁਆਰਾ ਮੰਡੀਆਂ ਵਿੱਚ ਲਿਆਂਦੀ ਜਾ ਰਹੀ ਸੁੱਕੀ ਫਸਲ ਦੀ ਨਾਲੋਂ ਨਾਲ ਖਰੀਦ ਕਰਨ ਦੀ ਹਦਾਇਤ ਕੀਤੀ ਗਈ ਹੈ। ਡਿਪਟੀ



ਕਮਿਸ਼ਨਰ ਨੇ ਬਹਾਦਰਪੁਰ ਅਤੇ ਘਰਾਚੋਂ ਵਿਖੇ ਅਨਾਜ ਮੰਡੀਆਂ ਦੇ ਦੌਰੇ ਦੌਰਾਨ ਕਿਹਾ ਕਿ ਜ਼ਿਲ੍ਹਾ ਪੱਧਰ ਤੇ ਉਹ ਖੁਦ ਸਾਰੇ ਪ੍ਰਬੰਧਾਂ ਦੀ ਨਿਗਰਾਨੀ ਨਿਯਮਤ ਤੌਰ ਉਤੇ ਕਰ ਰਹੇ ਹਨ ਅਤੇ ਇਨਾਂ ਕਾਰਜਾਂ ਨਾਲ ਸੰਬੰਧਿਤ ਸਾਰੇ ਅਧਿਕਾਰੀਆਂ ਨੂੰ ਲਗਾਤਾਰ ਅਨਾਜ ਮੰਡੀਆਂ ਦਾ ਦੌਰਾ ਕਰਨ ਅਤੇ ਹਰੇਕ ਪ੍ਰਬੰਧ ਨੂੰ ਨਿਰਧਾਰਿਤ ਸਮੇਂ ਅੰਦਰ ਯਕੀਨੀ ਬਣਾਉਣ ਦੇ ਹੁਕਮ ਦਿੱਤੇ ਹੋਏ ਹਨ। ਉਨ੍ਹਾਂ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿੱਚ 8 ਲੱਖ 10 ਹਜ਼ਾਰ 921 ਮੀਟ੍ਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਹੈ ਜਿਸ ਵਿੱਚੋਂ 7 ਲੱਖ 65 ਹਜ਼ਾਰ 580 ਮੀਟਰਿਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਮਾਰਕਫੈਡ, ਪਨਗ੍ਰੇਨ, ਵੇਅਰ ਹਾਊਸ, ਪਨਸਪ ਆਦਿ ਸਰਕਾਰੀ ਖਰੀਦ ਏਜੰਸੀਆਂ ਦੇ ਜ਼ਿਲਾ ਮੈਨੇਜਰ ਨੂੰ ਹਦਾਇਤ ਕੀਤੀ ਕਿ ਉਹ ਲਿਫਟਿੰਗ ਦੇ ਕੰਮ ਨੂੰ ਸੁਚਾਰੂ ਢੰਗ ਨਾਲ ਨਿਰਧਾਰਤ ਸਮਾਂ ਸੀਮਾ ਅਨੁਸਾਰ ਨੇਪਰੇ ਚੜ੍ਹਾਉਣ। ਅੱਜ ਜ਼ਿਲ੍ਹੇ ਦੀਆਂ ਮੁੱਖ ਅਨਾਜ ਮੰਡੀਆਂ ਦਾ ਐਸ. ਡੀ. ਐਮ. ਸੰਗਰੂਰ ਚਰਨਜੋਤ ਸਿੰਘ ਵਾਲੀਆ, ਐਸ. ਡੀ. ਐਮ. ਸੁਨਾਮ ਪ੍ਰਮੋਦ ਸਿੰਗਲਾ, ਐਸ. ਡੀ. ਐਮ. ਦਿੜ੍ਹਬਾ ਰਾਜੇਸ਼ ਸ਼ਰਮਾ, ਐਸ. ਡੀ. ਐਮ. ਲਹਿਰਾ ਤੇ ਮੂਨਕ ਸੂਬਾ ਸਿੰਘ, ਐਸ. ਡੀ. ਐਮ. ਭਵਾਨੀਗੜ੍ਹ ਵਿਨੀਤ ਕੁਮਾਰ, ਐਸ. ਡੀ. ਐਮ. ਧੂਰੀ ਅਮਿਤ ਕੁਮਾਰ ਅਤੇ ਮੇਜਰ ਗੁਰਪ੍ਰੀਤ ਸਿੰਘ ਕੰਗ ਸਮੇਤ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਦੌਰਾ ਕਰਕੇ ਕਣਕ ਦੀ ਆਮਦ, ਖਰੀਦ, ਚੁਕਾਈ, ਟਰਾਂਸਪੋਰਟੇਸ਼ਨ ਤੇ ਅਦਾਇਗੀ ਆਦਿ ਦਾ ਜਾਇਜ਼ਾ ਲਿਆ ਗਿਆ।

## ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਸਰਬਜੀਤ ਸਿੰਘ ਪੰਧੇਰ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ

**ਚੰਡੀਗੜ੍ਹ ਸਾਂਝੀ ਸੋਚ ਬਿਊਰੋ**

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸੀਨੀਅਰ ਪੱਤਰਕਾਰ ਸ੍ਰੀ ਸਰਬਜੀਤ ਸਿੰਘ ਪੰਧੇਰ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।
ਅੱਜ ਇਥੋਂ ਜਾਰੀ ਬਿਆਨ ਵਿੱਚ ਵਿਧਾਨ ਸਭਾ ਸਪੀਕਰ ਨੇ ਕਿਹਾ ਕਿ ਸਰਬਜੀਤ ਸਿੰਘ ਪੰਧੇਰ ਨਾ ਸਿਰਫ ਨਾਮਵਰ ਪੱਤਰਕਾਰ ਸਨ, ਸਗੋਂ ਇੱਕ ਸੁਲਝੇ ਹੋਏ, ਸਿਆਣੇ ਅਤੇ ਜ਼ਿੰਦਾਦਿਲ ਇਨਸਾਨ ਸਨ। ਉਹ ਬਤੌਰ ਪੱਤਰਕਾਰ 'ਦਿ ਹਿੰਦੂ'ਅਖ਼ਬਾਰ ਨਾਲ ਜੁੜੇ ਹੋਏ ਸਨ।
ਸੰਧਵਾਂ ਨੇ ਕਿਹਾ ਕਿ ਸ੍ਰੀ ਪੰਧੇਰ ਦਾ ਚਲੇ ਜਾਣਾ ਮੀਡੀਆ ਭਾਈਚਾਰੇ ਅਤੇ ਸਮਾਜ ਲਈ ਬਹੁਤ ਵੱਡਾ ਘਾਟਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਪੰਧੇਰ ਨੂੰ ਪੱਤਰਕਾਰੀ ਦੇ ਖੇਤਰ ਵਿੱਚ ਪਾਏ ਵੱਡਮੁੱਲੇ ਯੋਗਦਾਨ ਲਈ ਹਮੇਸ਼ਾ ਸਤਿਕਾਰ ਨਾਲ ਯਾਦ ਕੀਤਾ ਜਾਵੇਗਾ।ਸਪੀਕਰ ਕੁਲਤਾਰ ਸਿੰਘ ਸੰਧਵਾ ਨੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਤਮਿਕ ਸ਼ਾਂਤੀ ਤੇ ਆਪਣੇ ਚਰਨਾਂ ਵਿੱਚ ਸਦੀਵੀ ਨਿਵਾਸ ਬਖ਼ਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।

Space available for Ad
Contact # +1 (209) 303-1260


aap
AAM AADMI PARTY
VOTE & SUPPORT
ਆਪ
ਆਮ ਆਦਮੀ ਪਾਰਟੀ
ਆਮ ਆਦਮੀ ਪਾਰਟੀ
ਫਿਰੋਜ਼ਪੁਰ
ਜਗਦੀਪ ਸਿੰਘ ਕਾਕਾ ਬਰਾੜ
ਗੁਰਦਾਸਪੁਰ
ਅਮਨ ਸ਼ੇਰ ਕਲਸੀ (ਸ਼ੈਰੀ ਕਲਸੀ)
ਜਲੰਧਰ SC
ਪਵਨ ਕੁਮਾਰ ਟੀਨੂੰ
ਲੁਧਿਆਣਾ
ਅਸ਼ੋਕ ਪਰਾਸ਼ਰ ਪੱਪੀ
ਆਨੰਦਪੁਰ ਸਾਹਿਬ
ਮਾਲਵਿੰਦਰ ਸਿੰਘ ਕੰਗ
ਹੁਸ਼ਿਆਰਪੁਰ
ਡਾ.ਰਾਜਕੁਮਾਰ ਚੱਬੇਵਾਲ
ਅੰਮ੍ਰਿਤਸਰ
ਕੁਲਦੀਪ ਧਾਲੀਵਾਲ
ਖਡੂਰ ਸਾਹਿਬ
ਲਾਲਜੀਤ ਭੁੱਲਰ
ਫਤਿਹਗੜ੍ਹ ਸਾਹਿਬ
ਗੁਰਪ੍ਰੀਤ ਸਿੰਘ ਜੀ.ਪੀ.
ਫਰੀਦਕੋਟ
ਕਰਮਜੀਤ ਅਨਮੋਲ
ਬਠਿੰਡਾ
ਗੁਰਮੀਤ ਸਿੰਘ ਖੁੱਡੀਆਂ
ਸੰਗਰੂਰ
ਗੁਰਮੀਤ ਸਿੰਘ ਮੀਤ ਹੇਅਰ
ਪਟਿਆਲਾ
ਡਾ. ਬਲਬੀਰ ਸਿੰਘ
ਜਾਰੀ ਕਰਤਾ
GURDEEP GILL

# ਸ਼ੇਰ ਏ ਪੰਜਾਬ ਗਰੁੱਪ ਦੇ ਸੱਮਪ੍ਰੀਤ ਸਿੰਘ ਅਤੇ ਸਾਥੀਆਂ ਵੱਲੋਂ ਵਿਸਾਖੀ ਦੇ ਨਗਰ ਕੀਰਤਨ ਮੌਕੇ ਲੰਗਰ ਲਗਾਇਆ ਗਿਆ






















**ਸਟਾਕਟਨ ਸਾਂਝੀ ਸੋਚ ਬਿਊਰੋ**

ਗਦਰੀ ਬਾਬਿਆਂ ਦੀ ਇਤਿਹਾਸਕ ਧਰਤੀ ਸਟਾਕਟਨ ਵਿਖੇ ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਨੂੰ ਸਮਰਪਿਤ ਮਹਾਨ ਨਗਰ ਕੀਰਤਨ ਦਾ ਆਯੋਜਨ ਕੀਤਾ ਗਿਆ ਸੀ।14 ਅਪ੍ਰੈਲ ਨੂੰ ਨਗਰ ਕੀਰਤਨ ਦੇ ਆਯੋਜਨ ਮੌਕੇ ਸ਼ੇਰ ਏ ਪੰਜਾਬ ਗਰੁੱਪ ਦੇ ਸੱਮਪ੍ਰੀਤ ਸਿੰਘ ਅਤੇ ਸਾਥੀਆਂ ਵੱਲੋਂ ਨਗਰ ਕੀਰਤਨ ਵਿਚ ਸ਼ਾਮਲ ਅਤੇ ਬਾਕੀ ਸੰਗਤ ਲਈ ਗੁਰੂ ਦੇ ਲੰਗਰ ਦਾ ਅਤੁੱਟ ਪ੍ਰਬੰਧ ਕੀਤਾ ਗਿਆ ਸੀ। ਵਰਣਨਯੋਗ ਹੈ ਕਿ ਸੱਮਪ੍ਰੀਤ ਸਿੰਘ ਹਮੇਸ਼ਾ ਹੀ ਗੁਰੂ ਘਰ ਵਿਚ ਹੋਣ ਵਾਲੇ ਜਾਂ ਸਿੱਖ ਕੌਮ ਦੇ ਸਾਰੇ ਹੀ ਕੰਮਾਂ ਵਿਚ ਵੱਧ-ਚੜ੍ਹ ਕੇ ਹਿੱਸਾ ਲੈਂਦੇ ਹਨ। ਗੁਰਦੁਆਰਾ ਸਾਹਿਬ ਵਿਚ ਕੋਈ ਕੀਰਤਨ ਦਰਬਾਰ, ਸਮਾਗਮ ਹੋਵੇ ਅਤੇ ਜਾਂ ਫਿਰ ਕੋਈ ਹੋਰ ਪ੍ਰੋਗਰਾਮ ਸੱਮਪ੍ਰੀਤ ਸਿੰਘ ਅਤੇ ਉਹਨਾਂ ਦੀ ਟੀਮ ਸੰਗਤ ਅਤੇ ਗੁਰੂਘਰ ਦੀ ਸੇਵਾ ਲਈ ਹਮੇਸ਼ਾ ਤਤਪਰ ਰਹਿੰਦੀ ਹੈ। ਸੱਮਪ੍ਰੀਤ ਸਿੰਘ ਵੱਲੋਂ ਗੁਰੂਘਰ ਦੇ ਹਰੇਕ ਸਮਾਗਮ ਮੌਕੇ ਗੁਰੂ ਦੇ ਲੰਗਰ ਦੀ ਸੇਵਾ ਨਿਭਾਈ ਜਾਂਦੀ ਹੈ।ਇਸ ਵਾਰ ਵੀ ਉਹਨਾਂ ਵੱਲੋਂ ਵਿਸਾਖੀ ਅਤੇ ਖਾਲਸਾ ਸਾਜਨਾ ਦਿਵਚ ਮੌਕੇ ਗੁਰਦੁਆਰਾ ਸਾਹਿਬ ਤੋਂ ਕੱਢੇ ਗਏ ਮਹਾਨ ਨਗਰ ਕੀਰਤਨ ਦੀਆਂ ਸੰਗਤਾਂ ਲਈ ਬਹੁਤ ਵਧੀਆ ਲੰਗਰ ਦਾ ਪ੍ਰਬੰਧ ਕੀਤਾ ਗਿਆ ਸੀ। ਜਿਸ ਵਿਚ ਉਹਨਾਂ ਦੇ ਨਾਲ ਉਹਨਾਂ ਦੇ ਸਾਥੀਆਂ ਅਮਨਦੀਪ ਸਿੰਘ ਢਿੱਲੋਂ. ਈਸ਼ਪ੍ਰੀਤ ਸਿੰਘ, ਅਰਸ਼ਦੀਪ ਸਿੰਘ, ਹਰਮੀਤ ਸਿੰਘ, ਜੋਬਨਪ੍ਰੀਤ ਸਿੰਘ, ਮਹਾਂਬੀਰ ਸਿੰਘ, ਰਵਿੰਦਰ ਸਿੰਘ ਅਤੇ ਨਵਜੋਤ ਸਿੰਘ ਨੇ ਵੀ ਖੂਬ ਸੇਵਾ ਕੀਤੀ।

# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600
With Installation
Singh: 510-766-9382

**JK JETSTEEL JDH**

SPECIAL OFFER !!




DRIVE TIRE
11R22.5-
With Installation
Singh: 510-766-9382

**Firestone FS591**

STEER TIRE
295/75R22.5
With Installation
Singh: 510-766-9382

SPECIAL OFFER !!




11R22.5
With Installation
Singh: 510-766-9382

**Sizes available in drive & trailer**
295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!




TRAILER TIRE
11R22.5-
11R24.5-
With Installation
Singh: 510-766-9382

**JETWAY JTH SD**

SPECIAL OFFER !!




TRAILER TIRE
295/75R22.5-
With Installation
Singh: 510-766-9382

**JK JETSTEEL JDL2**

SPECIAL OFFER !!




DRIVE TIRE
11R22.5-
11R24.5-
295/75R22.5-
With Installation
Singh: 510-766-9382



FALKEN TIRES · GOODYEAR · KELLY TIRES · BARKLEY Feel the difference · PIRELLI
MICHELIN A better way forward · BRIDGESTONE · Firestone · YOKOHAMA
PEARLY · NAMA · TOYO TIRES driven to perform · Continental · DUNLOP TIRES

# S. Singh Cell: (510) 766-9382

## 2955 N. Wilson Way Stockton , CA 95205

# ਭਗਵੰਤ ਮਾਨ ਨੇ ਫ਼ਿਰੋਜ਼ਪੁਰ ਤੋਂ ਜਗਦੀਪ ਸਿੰਘ ਕਾਕਾ ਬਰਾੜ ਦੇ ਹੱਕ 'ਚ ਕੀਤਾ ਰੋਡ ਸ਼ੋਅ

## ਵੱਡੀ ਗਿਣਤੀ 'ਚ ਇਕੱਠੇ ਹੋਏ ਲੋਕਾਂ ਨੇ ਦਿੱਤਾ ਭਰੋਸਾ, ਰਿਕਾਰਡ ਤੋੜ ਜਿੱਤ ਕਰਵਾਵਾਂਗੇ ਦਰਜ

ਫਿਰੋਜ਼ਪੁਰ
ਸਾਂਝੀ ਸੋਚ ਬਿਊਰੋ



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸ਼ਨੀਵਾਰ ਨੂੰ ਫ਼ਿਰੋਜ਼ਪੁਰ 'ਚ 'ਆਪ' ਉਮੀਦਵਾਰ ਜਗਦੀਪ ਸਿੰਘ ਕਾਕਾ ਬਰਾੜ ਦੇ ਹੱਕ 'ਚ ਚੋਣ ਪ੍ਰਚਾਰ ਕੀਤਾ। ਮਾਨ ਨੇ ਫ਼ਿਰੋਜ਼ਪੁਰ ਲੋਕ ਸਭਾ ਹਲਕੇ ਦੇ ਵੱਖ-ਵੱਖ ਖੇਤਰਾਂ ਵਿੱਚ ਰੋਡ ਸ਼ੋਅ ਕੀਤੇ ਅਤੇ ਲੋਕਾਂ ਨੂੰ ਕਾਕਾ ਬਰਾੜ ਨੂੰ ਜਿਤਾਉਣ ਦੀ ਅਪੀਲ ਕੀਤੀ।

ਰੋਡ ਸ਼ੋਅ ਦੌਰਾਨ ਭਗਵੰਤ ਮਾਨ ਨੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਅਤੇ ਸੁਖਬੀਰ ਬਾਦਲ 'ਤੇ ਜੰਮ ਕੇ ਹਮਲਾ ਬੋਲਿਆ। ਉਨ੍ਹਾਂ ਕਿਹਾ ਕਿ ਸੁਖਬੀਰ ਬਾਦਲ ਹਾਰ ਦੇ ਡਰੋਂ ਮੈਦਾਨ ਛੱਡ ਕੇ ਭੱਜ ਗਏ ਹਨ। ਉਹ ਜਾਣਦੇ ਹਨ ਕਿ ਪੰਜਾਬ ਦੇ ਲੋਕ ਉਨ੍ਹਾਂ ਨੂੰ ਮੁੜ ਕਦੇ ਮੌਕਾ ਨਹੀਂ ਦੇਣਗੇ। ਇਸ ਲਈ ਉਨ੍ਹਾਂ ਨੇ ਚੋਣ ਨਾ ਲੜਨ ਦਾ ਫੈਸਲਾ ਕੀਤਾ ਹੈ।

ਭਗਵੰਤ ਮਾਨ ਨੇ ਕਿਹਾ ਕਿ ਬਾਦਲ ਪਰਿਵਾਰ ਅਕਾਲੀ ਦਲ ਦੇ ਨੁਮਾਇੰਦਿਆਂ ਵਜੋਂ ਕਈ ਵਾਰ ਕੇਂਦਰ ਸਰਕਾਰ ਦਾ ਹਿੱਸਾ ਰਿਹਾ ਹੈ ਪਰੰਤੂ ਇਨ੍ਹਾਂ ਲੋਕਾਂ ਨੇ ਕਦੇ ਵੀ ਪੰਜਾਬ ਦੇ ਹੱਕਾਂ ਲਈ ਕੋਈ ਆਵਾਜ਼ ਨਹੀਂ ਉਠਾਈ। ਇਨ੍ਹਾਂ ਨੇ ਹਮੇਸ਼ਾ ਆਪਣਾ ਫ਼ਾਇਦਾ ਹੀ ਦੇਖਿਆ ਅਤੇ ਪੰਜਾਬ ਦੇ ਹੱਕਾਂ ਨੂੰ ਅਣਗੌਲਿਆ ਕੀਤਾ। ਇਸ ਲਈ ਜਨਤਾ ਨੇ ਉਨ੍ਹਾਂ ਨੂੰ ਉਨ੍ਹਾਂ ਦੀ ਅਸਲ ਜਗ੍ਹਾ ਦਿਖਾ ਦਿੱਤੀ ਹੈ।

ਰੋਡ ਸ਼ੋਅ ਦੌਰਾਨ ਭਗਵੰਤ ਮਾਨ ਨੇ ਲੋਕਾਂ ਨੂੰ ਸੰਵਿਧਾਨ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦੀ ਤਸਵੀਰ ਦਿਖਾਉਂਦੇ ਹੋਏ ਕਿਹਾ ਕਿ ਭਾਜਪਾ ਬਾਬਾ ਸਾਹਿਬ ਦੇ ਲਿਖੇ ਸੰਵਿਧਾਨ ਨੂੰ ਖਤਮ ਕਰਨਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਇਹ ਚੋਣ ਸਿਰਫ਼ ਪ੍ਰਧਾਨ ਮੰਤਰੀ ਅਤੇ ਸੰਸਦ ਮੈਂਬਰ ਚੁਣਨ ਲਈ ਨਹੀਂ ਹੈ। ਇਹ ਚੋਣ ਦੇਸ਼ ਦੇ ਲੋਕਤੰਤਰ ਅਤੇ ਸੰਵਿਧਾਨ ਨੂੰ ਬਚਾਉਣ ਲਈ ਹੈ।

ਜੇਕਰ ਭਾਜਪਾ ਇਸ ਵਾਰ ਜਿੱਤ ਜਾਂਦੀ ਹੈ ਤਾਂ ਦੇਸ਼ ਵਿੱਚ ਮੁੜ ਕਦੇ ਚੋਣਾਂ ਨਹੀਂ ਹੋਣਗੀਆਂ। ਉਹ ਰੂਸ ਅਤੇ ਚੀਨ ਵਰਗੇ ਦੇਸ਼ਾਂ ਦੀ ਤਰਾਂ ਇੱਥੇ ਵੀ ਇੱਕ ਪਾਰਟੀ ਸਿਸਟਮ ਲਾਗੂ ਕਰ ਦੇਵੇਗੀ ਅਤੇ ਤੁਹਾਡੇ ਵੋਟ ਦੇ ਅਧਿਕਾਰ ਨੂੰ ਖੋਹ ਲਵੇਗੀ। ਇਸ ਲਈ ਇਸ ਵਾਰ ਭਾਜਪਾ ਨੂੰ ਹਰਾਉਣਾ ਬਹੁਤ ਜ਼ਰੂਰੀ ਹੈ।

ਭਗਵੰਤ ਮਾਨ ਨੇ ਕਿਹਾ ਕਿ ਭਾਜਪਾ ਵਾਲੇ ਦੇਸ਼ ਅਤੇ ਪੰਜਾਬ ਦੀ ਭਾਈਚਾਰਕ ਸਾਂਝ ਨੂੰ ਵਿਗਾੜਨ ਦੀ ਹਰ ਸੰਭਵ ਕੋਸ਼ਿਸ਼ ਕਰ ਰਹੇ ਹਨ, ਜਦਕਿ ਪੰਜਾਬ ਆਪਸੀ ਭਾਈਚਾਰਕ ਸਾਂਝ ਲਈ ਜਾਣਿਆ ਜਾਂਦਾ ਹੈ। ਇੱਥੇ ਲੋਕ ਗੁਰਪੁਰਬ, ਈਦ ਅਤੇ ਰਾਮ ਨੌਮੀ ਇਕੱਠੇ ਹੋ ਕੇ ਮਨਾਉਂਦੇ ਹਨ। ਇੱਥੋਂ ਦੇ ਲੋਕ ਕਦੇ ਵੀ ਨਫ਼ਰਤ ਦੀ ਰਾਜਨੀਤੀ ਨੂੰ ਸਵੀਕਾਰ ਨਹੀਂ ਕਰਦੇ। ਇਸ ਵਾਰ ਵੀ ਪੰਜਾਬ ਦੇ ਲੋਕ ਨਫਰਤ ਦੀ ਰਾਜਨੀਤੀ ਨੂੰ ਨਕਾਰ ਕੇ ਕੰਮ ਦੀ ਰਾਜਨੀਤੀ ਨੂੰ ਹੀ ਚੁਣਨਗੇ।

ਭਗਵੰਤ ਮਾਨ ਨੇ ਕਿਹਾ ਕਿ ਭਾਜਪਾ ਆਮ ਆਦਮੀ ਪਾਰਟੀ ਅਤੇ ਅਰਵਿੰਦ ਕੇਜਰੀਵਾਲ ਤੋਂ ਬਹੁਤ ਡਰੀ ਹੋਈ ਹੈ। ਇਸ ਲਈ ਉਨ੍ਹਾਂ ਨੇ ਇੱਕ ਸਾਜ਼ਿਸ਼ ਦੇ ਤਹਿਤ ਅਰਵਿੰਦ ਕੇਜਰੀਵਾਲ ਨੂੰ ਝੂਠੇ ਕੇਸ ਵਿੱਚ ਗ੍ਰਿਫਤਾਰ ਕਰ ਲਿਆ ਹੈ। ਉਹ ਸੋਚਦੇ ਹਨ ਕਿ ਅਰਵਿੰਦ ਕੇਜਰੀਵਾਲ ਨੂੰ ਗ੍ਰਿਫਤਾਰ ਕਰਕੇ ਉਹ ਆਮ ਆਦਮੀ ਪਾਰਟੀ ਨੂੰ ਖਤਮ ਕਰ ਦੇਣਗੇ, ਪਰੰਤੂ ਇਹ ਉਨ੍ਹਾਂ ਦੀ ਗਲਤ ਫਹਿਮੀ ਹੈ, ਕਿਉਂਕਿ ਕੇਜਰੀਵਾਲ ਇਕ ਵਿਅਕਤੀ ਹੀ ਨਹੀਂ ਹਨ, ਬਲਕਿ ਉਹ ਇਕ ਵਿਚਾਰ ਹਨ। ਉਹ ਅਰਵਿੰਦ ਕੇਜਰੀਵਾਲ ਦੇ ਸਰੀਰ ਨੂੰ ਗ੍ਰਿਫਤਾਰ ਕਰ ਸਕਦੇ ਹਨ ਪਰ ਉਨ੍ਹਾਂ ਦੀ ਸੋਚ ਨੂੰ ਕਿਵੇਂ ਗ੍ਰਿਫਤਾਰ ਕਰਨਗੇ?

ਸਰਹੱਦੀ ਖੇਤਰ ਦੇ ਕਿਸਾਨਾਂ 'ਤੇ ਭਗਵੰਤ ਮਾਨ ਨੇ ਕਿਹਾ ਕਿ ਅਸੀਂ ਕਿਸਾਨਾਂ ਦੀ ਸਹੂਲਤ ਲਈ ਪੰਜਾਬ ਦੇ ਹਰ ਕੋਨੇ ਤੱਕ ਨਹਿਰੀ ਪਾਣੀ ਪਹੁੰਚਾਇਆ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਕਿਸਾਨਾਂ ਨੂੰ ਕੱਟ ਲੱਗ-ਲੱਗ ਕੇ 8 ਘੰਟੇ ਹੀ ਬਿਜਲੀ ਮਿਲਦੀ ਸੀ, ਪਰੰਤੂ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਕਿਸਾਨਾਂ ਨੂੰ ਬਿਨਾਂ ਕਿਸੇ ਕੱਟ ਦੇ 11 ਘੰਟੇ ਬਿਜਲੀ ਦੇਣ ਅਤੇ ਉਹ ਵੀ ਦਿਨ ਦੇ ਸਮੇਂ ਤਾਂ ਕਿ ਉਨ੍ਹਾਂ ਦਾ ਸਮਾਂ ਅਤੇ ਊਰਜਾ ਬਰਬਾਦ ਨਾ ਹੋਵੇ।

ਭਗਵੰਤ ਮਾਨ ਨੇ ਕਿਹਾ ਕਿ ਦੋ ਗੇੜ ਦੀ ਵੋਟਿੰਗ ਤੋਂ ਇਹ ਸਪੱਸ਼ਟ ਹੋ ਗਿਆ ਹੈ ਕਿ ਇਸ ਵਾਰ ਕੇਂਦਰ ਵਿੱਚ ਇੰਡੀਆ ਗੱਠਜੋੜ ਦੀ ਹੀ ਸਰਕਾਰ ਬਣਨ ਜਾ ਰਹੀ ਹੈ ਅਤੇ ਆਮ ਆਦਮੀ ਪਾਰਟੀ ਉਸ ਸਰਕਾਰ ਦੀ ਅਹਿਮ ਭਾਈਵਾਲ ਹੋਵੇਗੀ। ਇਸ ਲਈ ਸਾਨੂੰ ਮਜ਼ਬੂਤ ਕਰਨ ਲਈ ਮੈਨੂੰ 13 ਹੋਰ ਹੱਥ ਦਿਓ। ਸਾਡੇ ਸਾਰੇ ਸੰਸਦ ਮੈਂਬਰ ਲੋਕ ਸਭਾ ਵਿੱਚ ਪੰਜਾਬ ਦੇ ਹੱਕਾਂ ਨੂੰ ਉਠਾਉਂਦੇ ਹੋਏ ਆਪਣੀ ਆਵਾਜ਼ ਬੁਲੰਦ ਕਰਨਗੇ। ਭਗਵੰਤ ਮਾਨ ਨੇ ਇਹ ਵੀ ਕਿਹਾ ਕਿ ਸਰਕਾਰ ਵੀ ਸਾਡੇ ਗੱਠਜੋੜ ਦੀ ਹੋਵੇਗੀ, ਫਿਰ ਪੰਜਾਬ ਦੇ ਫ਼ੰਡਾਂ ਦਾ ਇੱਕ ਰੁਪਿਆ ਵੀ ਨਹੀਂ ਰੋਕਿਆ ਜਾਵੇਗਾ।

# ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਸੀ ਵਿਜਿਲ, ਸ਼ਿਕਾਇਤ ਸੈੱਲ ਅਤੇ ਵੈਬਕਾਸਟਿੰਗ ਰੂਮ ਦਾ ਅਚਨਚੇਤ ਦੌਰਾ

ਸੰਗਰੂਰ
ਸਾਂਝੀ ਸੋਚ ਬਿਊਰੋ



ਜ਼ਿਲ੍ਹਾ ਚੋਣ ਅਫਸਰ ਜਤਿੰਦਰ ਜੋਰਵਾਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਲੋਕ ਸਭਾ ਚੋਣਾਂ ਦੇ ਸੰਬੰਧ ਵਿੱਚ ਸਥਾਪਿਤ ਕੀਤੇ ਗਏ ਸੀ ਵਿਜਿਲ, ਸ਼ਿਕਾਇਤ ਸੈੱਲ ਅਤੇ ਵੈਬਕਾਸਟਿੰਗ ਰੂਮ ਦਾ ਅਚਨਚੇਤ ਦੌਰਾ ਕਰਕੇ ਉਥੇ ਕਾਰਜਸ਼ੀਲ ਵੱਖ-ਵੱਖ ਟੀਮਾਂ ਤੋਂ ਹੁਣ ਤੱਕ ਕੀਤੀ ਗਈ ਕਾਰਵਾਈ ਦਾ ਜਾਇਜ਼ਾ ਲਿਆ।

ਜ਼ਿਲ੍ਹਾ ਚੋਣ ਅਫਸਰ ਨੇ ਕਿਹਾ ਕਿ ਚੋਣ ਕਮਿਸ਼ਨ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਨੂੰ ਸਮੂਹ ਟੀਮਾਂ ਯਕੀਨੀ ਬਣਾਉਣ ਅਤੇ ਕਿਸੇ ਵੀ ਨਾਗਰਿਕ ਦੁਆਰਾ ਪ੍ਰਾਪਤ ਹੋਣ ਵਾਲੀਆਂ ਸ਼ਿਕਾਇਤਾਂ ਦਾ ਨਿਰਧਾਰਤ ਸਮੇਂ ਅੰਦਰ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ। ਉਹਨਾਂ ਦੱਸਿਆ ਕਿ ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਦੇ ਮਾਮਲੇ ਉਤੇ ਕਾਰਵਾਈ ਅਮਲ ਵਿੱਚ ਲਿਆਉਣ ਸਬੰਧੀ ਚੋਣ ਕਮਿਸ਼ਨ ਵੱਲੋਂ ਤਿਆਰ ਕੀਤੀ ਮੋਬਾਈਲ ਸੀ-ਵਿਜਿਲ ਐਪ ਰਾਹੀਂ ਪ੍ਰਾਪਤ ਹੋਣ ਵਾਲੀ ਕਿਸੇ ਵੀ ਸ਼ਿਕਾਇਤ ਦਾ ਨਿਪਟਾਰਾ 100 ਮਿੰਟਾਂ ਦੇ ਅੰਦਰ ਅੰਦਰ ਕਰਨਾ ਯਕੀਨੀ ਬਣਾਇਆ ਜਾਵੇ। ਸੀ-ਵਿਜਿਲ ਸੈੱਲ ਵਿੱਚ ਤਾਇਨਾਤ ਟੀਮਾਂ ਨੇ ਦੱਸਿਆ ਕਿ ਹੁਣ ਤੱਕ ਪ੍ਰਾਪਤ ਹੋਈਆਂ ਕੁੱਲ 33 ਸ਼ਿਕਾਇਤਾਂ ਦਾ ਨਿਪਟਾਰਾ ਕਰ ਦਿੱਤਾ ਗਿਆ ਹੈ। ਜ਼ਿਲ੍ਹਾ ਚੋਣ ਅਫਸਰ ਜਤਿੰਦਰ ਜੋਰਵਾਲ ਨੇ ਸ਼ਿਕਾਇਤ ਸੈੱਲ ਵਿਖੇ ਪ੍ਰਾਪਤ ਹੋਈਆਂ ਸ਼ਿਕਾਇਤਾਂ ਦਾ ਚੋਣ ਕਮਿਸ਼ਨ ਵੱਲੋਂ ਨਿਰਧਾਰਿਤ ਸਮਾਂ ਸੀਮਾ 24 ਘੰਟਿਆਂ ਦੇ ਅੰਦਰ ਅੰਦਰ ਸਬੰਧਤ ਸਹਾਇਕ ਰਿਟਰਨਿੰਗ ਅਫਸਰਾਂ ਦੇ ਰਾਹੀਂ ਨਿਪਟਾਰਾ ਕਰਨਾ ਯਕੀਨੀ ਬਣਾਉਣ ਦੇ ਹੁਕਮ ਦਿੱਤੇ।

ਇਸੇ ਦੌਰਾਨ ਜ਼ਿਲ੍ਹਾ ਚੋਣ ਅਫਸਰ ਨੇ ਵੈਬਕਾਸਟਿੰਗ ਸੈੱਲ ਦਾ ਜਾਇਜ਼ਾ ਲਿਆ ਜਿੱਥੇ ਕਿ ਜ਼ਿਲ੍ਹਾ ਸੰਗਰੂਰ ਵਿੱਚ ਕਾਰਜਸ਼ੀਲ ਫਲਾਇੰਗ ਸਕੁਐਡ ਟੀਮਾਂ ਵੱਲੋਂ ਜੀ.ਪੀ.ਐਸ ਵਾਹਨਾਂ ਰਾਹੀਂ 24 ਘੰਟੇ ਕੀਤੇ ਜਾ ਰਹੇ ਕਾਰਜਾਂ ਦੀ ਨਿਰੰਤਰ ਨਿਗਰਾਨੀ ਕੀਤੀ ਜਾ ਰਹੀ ਹੈ ਅਤੇ ਨਾਲ ਹੀ ਜ਼ਿਲ੍ਹੇ ਵਿੱਚ ਸਥਾਪਤ ਅੰਤਰਰਾਜੀ ਨਾਕਿਆਂ ਦੀ ਨਿਗਰਾਨੀ ਵੀ ਹੋ ਰਹੀ ਹੈ।ਵੈਬਕਾਸਟਿੰਗ ਬਾਰੇ ਹੋਰ ਜਾਣਕਾਰੀ ਦਿੰਦੇ ਹੋਏ ਨੋਡਲ ਅਧਿਕਾਰੀ ਵਰਿੰਦਰ ਦੀਪਕ ਗੋਇਲ ਨੇ ਦੱਸਿਆ ਕਿ ਜ਼ਿਲ੍ਹਾ ਸੰਗਰੂਰ ਦੀਆਂ ਹਰਿਆਣਾ ਨਾਲ ਲੱਗਦੀਆਂ ਅੰਤਰਰਾਜੀ ਹੱਦਾਂ ਉੱਤੇ ਲਗਾਏ ਨਾਕਿਆਂ ਉਤੇ ਹਾਈ ਰੈਜ਼ੂਲੇਸ਼ਨ ਕੈਮਰਿਆਂ ਦੇ ਰਾਹੀਂ ਵੈਬ ਕਾਸਟਿੰਗ ਰੂਮ ਵਿੱਚ ਨਿਗਰਾਨੀ ਹੋ ਰਹੀ ਹੈ।

ਇਸ ਤੋਂ ਇਲਾਵਾ ਲੋਕ ਸਭਾ ਹਲਕਾ 12-ਸੰਗਰੂਰ ਅੰਦਰ ਆਉਂਦੇ ਜ਼ਿਲ੍ਹਾ ਸੰਗਰੂਰ ਦੇ ਪੰਜ ਵਿਧਾਨ ਸਭਾ ਹਲਕਿਆਂ ਦੇ ਸਹਾਇਕ ਰਿਟਰਨਿੰਗ ਅਧਿਕਾਰੀਆਂ ਦੀ ਨਿਗਰਾਨੀ ਹੇਠ ਤਿੰਨ-ਤਿੰਨ ਫਲਾਇੰਗ ਸਕੁਐਡ ਟੀਮਾਂ 24 ਘੰਟੇ ਨਿਗਰਾਨੀ ਲਈ ਕਾਰਜਸ਼ੀਲ ਹਨ ਜਿਨਾਂ ਦੀ ਹਰੇਕ ਗਤੀਵਿਧੀ ਉੱਤੇ ਵੈਬਕਾਸਟਿੰਗ ਰੂਮ ਵਿੱਚ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ। ਜ਼ਿਲ੍ਹਾ ਚੋਣ ਅਫਸਰ ਵੱਲੋਂ ਕੀਤੇ ਗਏ ਦੌਰੇ ਦੌਰਾਨ ਉਪ ਮੰਡਲ ਮੈਜਿਸਟਰੇਟ ਭਵਾਨੀਗੜ੍ਹ ਵਿਨੀਤ ਕੁਮਾਰ ਅਤੇ ਉਪ ਮੰਡਲ ਮੈਜਿਸਟਰੇਟ ਧੂਰੀ ਅਮਿਤ ਗੁਪਤਾ ਵੀ ਮੌਜੂਦ ਸਨ।



10 YEARS ANNIVERSARY

# APCA

AMERICAN PETROLEUM AND CONVENIENCE STORE ASSOCIATION

## 10th Annual BUYER'S Trade Show In Fresno

on Wednesday, May 8th, 2024 From 12:30pm to 5:30pm
at Industrial Commerce Building, The Big Fresno Fair, Fresno, CA 93702

Copyright @ Punjab Mail USA



ਜੱਗ ਜਿਉਂਦਿਆ ਦੇ ਮੇਲੇ
ਹਰਭਜਨ ਮਾਨ

Live Performance

## Harbhajan Mann

Wednesday, May 8th
From 6:30pm to 9:00pm
Venue: Paul Paul Theater
1121, S Chance Ave, Fresno, CA 93702

APCA members will receive FREE, TWO Concert tickets of $100 value each, per membership paid store. Members must attend the Trade Show at 1:30pm. Members may buy additional tickets at discounted price of $50 at ETIX.com or at Trade Show, on first come first serve basis. Fresno area Retailers visit SM Bros at 186 S West Ave, Fresno to become APCA member and get 2 Free Tickets.

Media Partners

Platinum Sponsor
Flamingo Catering & Banquet Hall

For More Information

ANDY CHHIKARA: 559-259-4006
JASBIR SARAI: 209-675-0866
BALWINDER SINGH: 559-718-9339
AMRIT DHALIWAL: 209-598-6980
PUNEET BAINS: 559-347-7728
PAUL HAYER: 707-290-8530
ROCKY MALHI: 916-792-8023
KEWAL KRISHAN: 510-290-7144


SAI JEWELERS
Making Every
Occassion Beautiful
30 ਸਾਲ ਤੋਂ ਵੱਧ ਦਾ ਤਜ਼ਰਬਾ | 3 ਪੀੜੀਆਂ ਤੋਂ ਕਰ ਰਹੇ ਗਹਿਣਿਆਂ ਦਾ ਕੰਮ
ਹਰ ਤਰ੍ਹਾਂ ਦੇ ਸੋਨੇ ਤੇ ਚਾਂਦੀ ਦੇ ਮਨਪਸੰਦ ਗਹਿਣੇ ਖ਼ਰੀਦੋ
ਗਹਿਣੇ ਪਾਲਿਸ਼ ਜਾਂ Repair ਕਰਵਾਓ
Exchange & Trade of
Jewellery Available
ਸਾਡੇ ਕੋਲ Gold ਤੇ Silver ਦੇ ਸਿੱਕੇ ਵੀ ਮਿਲਦੇ ਹਨ
Diamond Jewellery ਵਿਚ ਵੀ ਕਰਦੇ ਹਾਂ DEAL
ਤੁਸੀਂ ਸਾਡੇ ਕੋਲੋਂ ਗਹਿਣੇ Exchange ਵੀ ਕਰਵਾ ਸਕਦੇ ਹੋ
(ਅਸੀਂ ਪੁਰਾਣੇ ਗਹਿਣੇ ਲੈਕੇ ਨਵੇਂ ਗਹਿਣੇ ਦਿੰਦੇ ਹਾਂ )
Open : Tuesday -Sunday | 11:00 AM- 6:00 PM
Monday Available -By Call -ON APPPOINTMENTS
Visit our Store to Explore New Designs
ਵਧੇਰੇ ਜਾਣਕਾਰੀ ਲਈ ਕਾਲ ਕਰੋ :
ਧਰਮ ਚੌਹਾਨ -(209) 678-6600 | ਸਟੋਰ ਨੰਬਰ -(209) 408-8553
ADDRESS : 2900, Standiford Ave Ste, 16 B Modesto CA 95350


ARCPOINT LABS
OF MANTECA
Accurate, Reliable, Confidential Testing.
ਸਾਡੀਆਂ ਸੇਵਾਵਾਂ :
DOT ਦੇ Drug ਤੇ Alcohal Testing
Pre- Employment Testing | Physicals
Hair & Nail Testing |Immigration DNA
Paternity & Relationship DNA
Health Checkups ਜਿਵੇਂ :
Cholestrol Test
Heart Health
Thyroid Test
Diabetes Test
Food Allergy
Vitamin & Nutrient Test
ਆਪਣੇ ਹੋਣ ਵਾਲੇ Baby ਦਾ Gender ਜਾਣੋ 6 Weeks ਵਿੱਚ
BOY? or GIRL?
ਵਧੇਰੇ ਜਾਣਕਾਰੀ ਲਈ ਕਾਲ ਕਰੋ :
(209) 629-8282 |(209) 505-6384
Address : 119. Maple AVe, Suite A Manteca, CA 95336


VOTE
&
SUPPORT
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ਼੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ਼੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
SHER SINGH CHUHAN

# ਉਮੀਦਵਾਰਾਂ ਕੋਲੋਂ ਨਾਮਜ਼ਦਗੀ ਪੱਤਰ ਲੈਣ ਵਾਲੇ ਚੋਣ ਅਮਲੇ ਲਈ ਸਿਖਲਾਈ ਸੈਸ਼ਨ ਆਯੋਜਿਤ

ਸੰਗਰੂਰ
ਸਾਂਝੀ ਸੋਚ ਬਿਊਰੋ



ਜ਼ਿਲ੍ਹਾ ਚੋਣ ਅਫ਼ਸਰ ਜਤਿੰਦਰ ਜੋਰਵਾਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਅੱਜ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਆਕਾਸ਼ ਬਾਂਸਲ ਅਤੇ ਸਹਾਇਕ ਕਮਿਸ਼ਨਰ ਉਪਿੰਦਰਜੀਤ ਕੌਰ ਬਰਾੜ ਵੱਲੋਂ ਭਾਰਤ ਚੋਣ ਕਮਿਸ਼ਨ ਵੱਲੋਂ ਨਾਮਜ਼ਦਗੀ ਪੱਤਰ ਲੈਣ ਸੰਬੰਧੀ ਮੁਢਲੇ ਦਿਸ਼ਾ ਨਿਰਦੇਸ਼ਾਂ ਬਾਰੇ ਚੋਣ ਅਮਲੇ ਨੂੰ ਜਾਣਕਾਰੀ ਦੇਣ ਲਈ ਇੱਕ ਰੋਜ਼ਾ ਸਿਖਲਾਈ ਸੈਸ਼ਨ ਕੀਤਾ ਗਿਆ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਚੱਲੇ ਇਸ ਸੈਸ਼ਨ ਦੇ ਦੌਰਾਨ ਵਧੀਕ ਜ਼ਿਲ੍ਹਾ ਚੋਣ ਅਫਸਰ ਨੇ ਇਸ ਕਾਰਜ ਲਈ ਤੈਨਾਤ ਕੀਤੇ ਗਏ ਵੱਖ ਵੱਖ ਕਰਮਚਾਰੀਆਂ ਤੋਂ ਇਸ ਬਾਰੇ ਜਾਇਜ਼ਾ ਲਿਆ ਅਤੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਦੇ ਆਦੇਸ਼ ਦਿੱਤੇ।

ਇਸ ਦੌਰਾਨ ਕਰਮਚਾਰੀਆਂ ਨੂੰ 7 ਮਈ 2024 ਨੂੰ ਜਾਰੀ ਹੋਣ ਵਾਲੇ ਗਜਟ ਨੋਟੀਫਿਕੇਸ਼ਨ ਤੋਂ ਲੈ ਕੇ ਨਾਮਜਦਗੀ ਪੱਤਰ ਦਾਖਲ ਕਰਨ ਲਈ ਅੰਤਿਮ ਤਰੀਕ 14 ਮਈ ਤੱਕ ਉਮੀਦਵਾਰਾਂ ਦੁਆਰਾ ਨਾਮਜ਼ਦਗੀ ਕਾਗਜ਼ ਦਾਖਲ ਕਰਵਾਏ ਜਾਣ ਮੌਕੇ ਉਸ ਨਾਲ ਲੱਗਣ ਵਾਲੇ ਦਸਤਾਵੇਜ਼ਾਂ ਅਤੇ ਹੋਰ ਲੋੜੀਂਦੀਆਂ ਜਾਣਕਾਰੀਆਂ ਬਾਰੇ ਵਿਸਥਾਰ ਵਿੱਚ ਦੱਸਿਆ ਗਿਆ।

ਇਸ ਮੌਕੇ ਤਹਿਸੀਲਦਾਰ ਚੋਣਾਂ ਪਰਮਜੀਤ ਕੌਰ, ਚੋਣ ਕਾਨੂੰਗੋ ਚਮਕੌਰ ਸਿੰਘ ਵੀ ਹਾਜ਼ਰ ਸਨ।

# ਭਾਜਪਾ ਉਮੀਦਵਾਰ ਦਿਨੇਸ਼ ਬੱਬੂ ਦਾ ਕਿਸਾਨ ਜਥੇਬੰਦੀਆਂ ਵੱਲੋਂ ਕਾਹਨੂੰਵਾਨ ਅਤੇ ਸਠਿਆਲੀ ਪੁਲ ਉਪਰ ਕੀਤਾ ਜ਼ਬਰਦਸਤ ਵਿਰੋਧ

ਕਾਹਨੂੰਵਾਨ
ਸਾਂਝੀ ਸੋਚ ਬਿਊਰੋ



ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਭਾਜਪਾ ਦੇ ਉਮੀਦਵਾਰ ਦਿਨੇਸ਼ ਬੱਬੂ ਦੇ ਆਉਣ ਦੀ ਭਿਣਕ ਜਦੋਂ ਕਿਸਾਨ ਜਥੇਬੰਦੀਆਂ ਨੂੰ ਪਈ ਤਾਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਨਾਲ ਸਬੰਧਤ ਕਿਸਾਨ ਪਿੰਡ ਕਾਲਾ ਬਾਲਾ ਨਜ਼ਦੀਕ ਇਕੱਠੇ ਹੁਣੇ ਸ਼ੁਰੂ ਹੋ ਗਏ। ਜਦੋਂ ਭਾਜਪਾ ਉਮੀਦਵਾਰ ਕੋਟ ਯੋਗਰਾਜ ਵਿਖੇ ਇਕ ਭਾਜਪਾ ਆਗੂ ਦੇ ਘਰ ਇਕ ਮੀਟਿੰਗ ਨੂੰ ਸੰਬੋਧਨ ਕਰਨ ਲਈ ਪਹੁੰਚ ਰਹੇ ਸਨ ਤਾਂ ਉਹਨਾਂ ਨੂੰ ਕਿਸਾਨ ਜਥੇਬੰਦੀਆਂ ਨੇ ਪੁਲ ਸਠਿਆਲੀ ਵਿਖੇ ਘੇਰਕੇ ਜ਼ਬਰਦਸਤ ਵਿਰੋਧ ਕਰਨਾ ਸ਼ੁਰੂ ਕਰ ਦਿੱਤਾ। ਕਿਸਾਨਾਂ ਵੱਲੋਂ ਕੇਂਦਰ ਦੀ ਭਾਜਪਾ ਸਰਕਾਰ ਅਤੇ ਦਿਨੇਸ਼ ਬੱਬੂ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਸਮੇਂ ਦੀ ਨਜ਼ਾਕਤ ਨੂੰ ਸਮਝਦਿਆਂ ਪੁਲਿਸ ਪ੍ਰਸ਼ਾਸਨ ਵੱਲੋਂ ਪਹਿਲਾਂ ਹੀ ਭਾਰੀ ਪੁਲਿਸ ਬਲ ਦਾ ਪ੍ਰਬੰਧ ਕੀਤਾ ਹੋਇਆ ਸੀ। ਭਾਰੀ ਪੁਲਿਸ ਬਲ ਨੇ ਭਾਜਪਾ ਉਮੀਦਵਾਰ ਨੂੰ ਆਪਣੇ ਘੇਰੇ ਵਿੱਚ ਲਿਆ ਹੋਇਆ ਸੀ ਜਦੋਂ ਕਿਸਾਨ ਆਗੂਆਂ ਨੇ ਉਸਨੂੰ ਤਿਖੇ ਸਵਾਲ ਕੀਤੇ। ਭਾਜਪਾ ਉਮੀਦਵਾਰ ਦਿਨੇਸ਼ ਬੱਬੂ ਕਿਸਾਨਾਂ ਦੇ ਸਵਾਲਾਂ ਦੇ ਕੋਈ ਠੋਸ ਉੱਤਰ ਨਹੀਂ ਦੇ ਸਕੇ। ਜਦ ਭਾਜਪਾ ਉਮੀਦਵਾਰ ਕਾਹਨੂੰਵਾਨ ਨਾਗ ਮੰਡੀ ਨਮਸਤਕ ਹੋਣ ਪਹੁੰਚੇ ਤਾਂ ਕਾਹਨੂੰਵਾਨ ਬੱਸ ਅੱਡੇ ਲਾਗੇ ਉਹਨਾਂ ਨੂੰ ਕਿਸਾਨ ਜਥੇਬੰਦੀਆਂ ਦੇ ਭਾਰੀ ਵਿਰੋਧ ਦਾ ਟਾਕਰਾ ਕਰਨਾ ਪਿਆ। ਵਿਰੋਧ ਕਰਨ ਵਾਲੀਆਂ ਜਥੇਬੰਦੀਆਂ ਵਿੱਚ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ, ਮਾਝਾ ਕਿਸਾਨ ਸੰਘਰਸ਼ ਕਮੇਟੀ ਪੰਜਾਬ, ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਅਤੇ ਕ੍ਰਾਂਤੀਕਾਰੀ ਕਿਸਾਨ ਯੂਨੀਅਨਾਂ ਮੁੱਖ ਸਨ ਜਿਨ੍ਹਾਂ ਦੇ ਆਗੂਆਂ ਵੱਲੋਂ ਭਾਜਪਾ ਉਮੀਦਵਾਰ ਦਿਨੇਸ਼ ਬੱਬੂ ਨੂੰ ਸਵਾਲ ਕੀਤੇ ਗਏ। ਇਸ ਮੌਕੇ ਹਰਮਿੰਦਰ ਸਿੰਘ ਮਸਾਣੀਆਂ ਸੂਬਾ ਆਗੂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ, ਮਾਝਾ ਕਿਸਾਨ ਸੰਘਰਸ਼ ਕਮੇਟੀ ਦੇ ਆਗੂ ਰਾਜੂ ਔਲਖ, ਸਠਿਆਲੀ ਜੋਨ ਦੇ ਪ੍ਰਧਾਨ ਗੁਰਮੁਖ ਸਿੰਘ ਖਾਨਮਲੱਕ, ਅਵਤਾਰ ਸਿੰਘ, ਹਰਜੀਤ ਸਿੰਘ ਕੋਟ ਬੁੱਢਾ, ਅਜੀਤ ਸਿੰਘ, ਸੂਬਾ ਸਿੰਘ, ਨਰਿੰਦਰ ਸਿੰਘ ਫੌਜੀ ਭਿੱਟੇਵੱਡ, ਗੁਰਨਾਮ ਸਿੰਘ, ਅਮਰੀਕ ਸਿੰਘ ਫੌਜੀ, ਲਖਵਿੰਦਰ ਸਿੰਘ ਕਾਲਾ ਬਾਲਾ, ਦਲਬੀਰ ਸਿੰਘ, ਪ੍ਰਿੰਸ ਕਾਲਾਬਾਲਾ, ਅਜੀਤ ਸਿੰਘ ਗਿੱਲ ਮੰਜ, ਮਨਪ੍ਰੀਤ ਸਿੰਘ, ਹਰਵੰਤ ਸਿੰਘ ਕੋਟ ਟੋਡਰ ਮੱਲ, ਰਜਿੰਦਰ ਸਿੰਘ ਸਹਾਏਪੁਰ, ਰਣਜੀਤ ਸਿੰਘ, ਡਾਕਟਰ ਗੁਰਦੇਵ ਸਿੰਘ, ਕਾਬਲ ਸਿੰਘ, ਰਣਜੀਤ ਸਿੰਘ ਧੰਦਲ ਆਦਿ ਕਿਸਾਨ ਆਗੂ ਹਾਜ਼ਰ ਸਨ।

# ਬਹੁਤੇ ਅਮਰੀਕੀਆਂ ਲਈ ਭਵਿੱਖ ਵਿਚ 9-11 ਵਰਗਾ ਅੱਤਵਾਦੀ ਹਮਲਾ ਰੋਕਣਾ ਉੱਚ ਤਰਜੀਹ -ਤਾਜਾ ਸਰਵੇਖਣ ਵਿਚ ਹੋਇਆ ਖੁਲਾਸਾ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ

ਇਕ ਤਾਜਾ ਸਰਵੇਖਣ ਵਿਚ ਬਹੁਤੇ ਅਮਰੀਕੀਆਂ ਨੇ ਕਿਹਾ ਹੈ ਕਿ ਵਿਦੇਸ਼ ਨੀਤੀ ਵਿਚ ਭਵਿੱਖ ਵਿਚ 9-11 ਵਰਗਾ ਅੱਤਵਾਦੀ ਹਮਲਾ ਰੋਕਣ ਦਾ ਮੁੱਦਾ ਚੋਟੀ ਦੀ ਤਰਜੀਹ ਵਜੋਂ ਸ਼ਾਮਿਲ ਹੋਣਾ ਚਾਹੀਦਾ ਹੈ ਨਾ ਕਿ ਵਿਸ਼ਵ ਭਰ ਵਿਚ ਲੋਕਤੰਤਰ ਨੂੰ ਉਤਸ਼ਾਹਿਤ ਕਰਨਾ ਤੇ ਮਨੁੱਖੀ ਹੱਕ ਉੱਚ ਤਰਜੀਹ ਵਿਚ ਸ਼ਾਮਿਲ ਹੋਣ ਜਿਵੇਂ ਕਿ ਸਮੇ ਸਮੇ 'ਤੇ ਬਣੇ ਰਾਸ਼ਟਰਪਤੀਆਂ ਜਾਂ ਅਮਰੀਕੀ ਪ੍ਰਸ਼ਾਸਨ ਦੀ ਤਰਜੀਹ ਰਹੇ ਹਨ। ਇਸ ਤੋਂ ਇਲਾਵਾ ਗੈਰ ਕਾਨੂੰਨੀ ਡਰੱਗ ਦੇ ਵਹਾਅ ਨੂੰ ਰੋਕਣਾ ਦੂਸਰੀ ਤੇ ਪ੍ਰਮਾਣੂ ਹਥਿਆਰਾਂ ਦੇ ਪਸਾਰ ਨੂੰ ਰੋਕਣਾ ਤੀਸਰੀ ਤਰਜੀਹ ਵਜੋਂ ਵਿਦੇਸ਼ ਨੀਤੀ ਦੀ ਸੂਚੀ ਵਿਚ ਸ਼ਾਮਿਲ ਹੋਣੇ ਚਾਹੀਦੇ ਹਨ।

ਇਸ ਸਰਵੇਖਣ ਅਨੁਸਾਰ ਰੂਸ ਤੇ ਚੀਨ ਦੇ ਪ੍ਰਭਾਵ ਨੂੰ ਘਟਾਉਣਾ ਤੇ ਵਾਤਾਵਰਣ ਤਬਦੀਲੀ ਨਾਲ ਲੜਨਾ ਅਮਰੀਕੀਆਂ ਵੱਲੋਂ ਸੂਚੀ ਦੇ ਮੱਧ ਵਿਚ ਸ਼ਾਮਿਲ ਕੀਤੇ ਗਏ ਹਨ। ਜਦ ਕਿ ਸੰਯੁਕਤ ਰਾਸ਼ਟਰ ਨੂੰ ਮਜਬੂਤ ਕਰਨਾ ਤੇ ਮਨੁੱਖੀ ਹੱਕਾਂ ਨੂੰ ਉਤਸ਼ਾਹਿਤ ਕਰਨਾ ਸੂਚੀ ਦੀਆਂ ਹੇਠਲੀਆਂ ਤਰਜੀਹਾਂ ਵਿਚ ਦਰਜ ਹੋਏ ਹਨ। ਸਰਵੇ ਵਿਚ ਵਿਸ਼ਵ ਭਰ ਵਿਚ ਲੋਕਤੰਤਰ ਨੂੰ ਉਤਸ਼ਾਹਿਤ ਕਰਨ ਦੇ ਮੁੱਦੇ ਨੂੰ ਸੂਚੀ ਵਿਚ ਸਭ ਤੋਂ ਹੇਠਾਂ ਜਗਾ ਮਿਲੀ ਹੈ।

ਪੀਊ ਰਿਸਰਚ ਸੈਂਟਰ ਨੇ ਅਪ੍ਰੈਲ ਦੇ ਪਹਿਲੇ ਹਫਤੇ ਵਿਚ ਅਮਰੀਕੀ ਵਿਦੇਸ਼ ਨੀਤੀ ਦੀਆਂ ਤਰਜੀਹਾਂ ਸਬੰਧੀ 3000 ਅਮਰੀਕੀਆਂ ਦੀ ਰਾਏ ਲਈ ਸੀ। 11 ਸਤੰਬਰ,2001 ਨੂੰ ਅਮਰੀਕੀ ਟਰੇਡ ਟਾਵਰਾਂ 'ਤੇ ਹੋਏ ਭਿਆਨਕ ਅੱਤਵਾਦੀ ਹਮਲੇ ਜਿਸ ਵਿਚ 35 ਭਾਰਤੀਆਂ ਸਮੇਤ 3000 ਦੇ ਕਰੀਬ ਲੋਕ ਮਾਰੇ ਗਏ ਸਨ, ਦੀਆਂ ਯਾਦਾਂ ਨੂੰ ਮੰਨਾਂ ਵਿਚ ਵਸਾਈ ਬੈਠੇ 73% ਅਮਰੀਕੀਆਂ ਨੇ ਕਿਹਾ ਹੈ ਕਿ ਵਿਦੇਸ਼ੀ ਨੀਤੀ ਦੀ ਸਿਰੇ ਦੀ ਤਰਜੀਹ ਭਵਿੱਖ ਵਿਚ ਅੱਤਵਾਦੀ ਹਮਲੇ ਰੋਕਣ ਦੀ ਹੋਣੀ ਚਾਹੀਦੀ ਹੈ। 64% ਅਮਰੀਕੀਆਂ ਨੇ ਕਿਹਾ ਹੈ ਕਿ ਦੇਸ਼ ਵਿਚ ਗੈਰ ਕਾਨੂੰਨੀ ਨਸ਼ੀਲੇ ਪਦਾਰਥਾਂ ਦੇ ਵਹਾਅ ਨੂੰ ਰੋਕਣਾ ਦੂਸਰੀ ਉੱਚ ਤਰਜੀਹ ਹੋਣੀ ਚਾਹੀਦੀ ਹੈ ਜਦ ਕਿ 63% ਨੇ ਕਿਹਾ ਹੈ ਕਿ ਵਿਆਪਕ ਤਬਾਹੀ ਵਾਲੇ ਪ੍ਰਮਾਣੂ ਹਥਿਆਰਾਂ ਦੇ ਪਸਾਰ ਨੂੰ ਰੋਕਣਾ ਵਿਦੇਸ਼ ਨੀਤੀ ਦੀ ਤੀਸਰੀ ਤਰਜੀਹ ਹੋਵੇ।

# ਦਲਬੀਰ ਸਿੰਘ ਜਹਾਂਗੀਰ ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਨਿਯੁਕਤ

ਤਰਨ ਤਾਰਨ
ਰਕੇਸ਼ ਨਈਅਰ



ਵਿਧਾਨ ਸਭਾ ਹਲਕਾ ਖਡੂਰ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਦਲਬੀਰ ਸਿੰਘ ਜਹਾਂਗੀਰ ਦੀਆਂ ਪਾਰਟੀ ਪ੍ਰਤੀ ਸ਼ਲਾਘਾਯੋਗ ਸੇਵਾਵਾਂ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਕੌਮੀ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਪਾਰਟੀ ਦੇ ਮੁੱਖ ਬੁਲਾਰੇ ਅਤੇ ਸਾਬਕਾ ਮੰਤਰੀ ਡਾ.ਦਲਜੀਤ ਸਿੰਘ ਚੀਮਾ ਵਲੋਂ ਦਲਬੀਰ ਸਿੰਘ ਜਹਾਂਗੀਰ ਨੂੰ ਨਿਯੁਕਤੀ ਪੱਤਰ ਸੌਂਪਦਿਆਂ ਨਵੀਂ ਮਿਲੀ ਜ਼ਿੰਮੇਵਾਰੀ ਦੀ ਵਧਾਈ ਦਿੰਦੇ ਹੋਏ ਹੋਏ ਪਾਰਟੀ ਦੀ ਮਜ਼ਬੂਤੀ ਲਈ ਹੋਰ ਜ਼ਿਆਦਾ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਦਲਬੀਰ ਸਿੰਘ ਜਹਾਂਗੀਰ ਇਸ ਤੋਂ ਪਹਿਲਾਂ ਵੀ ਸ਼੍ਰੋਮਣੀ ਅਕਾਲੀ ਦਲ ਵਿੱਚ ਕਈ ਅਹੁਦਿਆਂ 'ਤੇ ਰਹਿ ਕੇ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਦੇ ਆ ਰਹੇ ਹਨ। ਦਲਬੀਰ ਸਿੰਘ ਜਹਾਂਗੀਰ ਨੇ ਆਪਣੀ ਇਸ ਨਵੀਂ ਨਿਯੁਕਤੀ 'ਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ,ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਅਤੇ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਇੰਚਾਰਜ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਸਮੇਤ ਸਮੁੱਚੀ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵਲੋਂ ਉਨ੍ਹਾਂ 'ਤੇ ਵਿਸ਼ਵਾਸ ਪ੍ਰਗਟ ਕਰਦੇ ਹੋਏ ਜ਼ੋ ਮਾਣ ਬਖਸ਼ਿਆ ਗਿਆ ਹੈ ਉਹ ਉਸਨੂੰ ਪੂਰੀ ਮਿਹਨਤ ਅਤੇ ਤਨਦੇਹੀ ਨਾਲ ਨਿਭਾਉਂਦੇ ਹੋਏ ਪਾਰਟੀ ਵਲੋਂ ਪਿਛਲੇ ਲੰਮੇ ਸਮੇਂ ਤੋਂ ਲੋਕ ਹਿੱਤਾਂ ਲਈ ਕੀਤੇ ਜਾ ਰਹੇ ਕੰਮਾਂ ਅਤੇ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਨੂੰ ਘਰ-ਘਰ ਤੱਕ ਲੈਕੇ ਜਾਣਗੇ। ਦਲਬੀਰ ਸਿੰਘ ਜਹਾਂਗੀਰ ਨੇ ਇਹ ਵੀ ਕਿਹਾ ਕਿ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਪਾਰਟੀ ਵਲੋਂ ਬਣਾਏ ਗਏ ਉਮੀਦਵਾਰ ਵਿਰਸਾ ਸਿੰਘ ਵਲਟੋਹਾ ਦੀ ਜਿੱਤ ਨੂੰ ਯਕੀਨੀ ਬਣਾਉਣ ਲਈ ਪਾਰਟੀ ਵਰਕਰਾਂ ਨਾਲ ਲਗਾਤਾਰ ਤਾਲਮੇਲ ਰੱਖਿਆ ਜਾਵੇਗਾ ਅਤੇ ਇਹ ਸੀਟ ਜਿੱਤ ਕੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਝੋਲੀ ਵਿੱਚ ਪਾਈ ਜਾਵੇਗੀ।




**Now Open New Banquet Hall in Sacramento**

*For more info: Contact Paul : (916)334-6000*




# SONNY DHALIWAL

## for SUPERVISOR

**EXPERIENCED LEADERSHIP YOU CAN TRUST**

Paid for by Sonny Dhaliwal for County Supervisor 2024 FPPC#1459023


VOTE
&
SUPPORT
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ਼੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ਼੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
PARWINDER PAL SINGH RATHAUR




ਕੈਲੀਫੋਰਨੀਆ ਦੀ ਕਿਸੇ ਵੀ ਲੋਕੇਸ਼ਨ ਤੇ ਜਾਓ

ਟਰੱਕ ਅਤੇ ਟ੍ਰੇਲਰ ਚਮਕਾਓ ਸਸਤੇ ਅਤੇ ਵਾਜਬ ਰੇਟਾਂ ਉੱਤੇ

Our Locations :-

Delhi | Merced | Madera | Santa Nella
Tracy | San Fransisco | Corning

Old Truck Stop Gemco Ripon Next to Flying J, Santos Ave ਦੇ ਉੱਤੇ




Find nearest Location & Hours

Call at 1800-405-9274 or visit our website for credit application to open credit account with our company

ਸਾਡੀਆਂ ਰਿਪਨ ਵਾਲੀਆਂ ਲੋਕੇਸ਼ਨਾਂ ਤੇ ਅਸੀਂ ਟੈਂਕਰ ਜੋ ਕੇ food Grade ਹਨ
ਉਹਨਾਂ ਨੂੰ ਅੰਦਰੋਂ ਧੋਂਦੇ ਹਾਂ ਅਤੇ Certified ਕਰਦੇ ਅਤੇ ਕੋਸ਼ਰ ਵਾਸ਼ ਵੀ ਕਰਦੇ ਹਾਂ

Tire Shop, Repair Shop, Oil & Lube Shop available on our locations

Website:- www.aaatruckwash.com


ਸ਼੍ਰੋਮਣੀ ਅਕਾਲੀ ਦਲ
VOTE & SUPPORT
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ਼੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ਼੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
RAVINDER SINGH BOYAL

# ਇਨਟੈੱਗਰੇਟਿਡ ਚੈੱਕ ਪੋਸਟ ਅਟਾਰੀ ਰਾਹੀਂ ਭਾਰਤ ਪਾਕਿਸਤਾਨ ਦੁਵੱਲੇ ਵਪਾਰ ਨੂੰ ਬਹਾਲ ਕਰਾਉਣਾ ਮੇਰੀ ਤਰਜੀਹ ’ਚ ਸ਼ਾਮਿਲ ਹੈ -ਤਰਨਜੀਤ ਸਿੰਘ ਸੰਧੂ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ ਵਿੱਚ ਭਾਰਤ ਦੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਕੇਂਦਰ ਵਿਚ ਭਾਜਪਾ ਦੀ ਬਹੁਮਤ ਨਾਲ ਸਰਕਾਰ ਦੀ ਹੈਟ੍ਰਿਕ ਬਣੇਗੀ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਅੰਮ੍ਰਿਤਸਰ ਅਤੇ ਸਰਹੱਦੀ ਖੇਤਰ ਦੇ ਵਿਕਾਸ ਲਈ ਵਿਸ਼ੇਸ਼ ਪੈਕੇਜ ਲਿਆਂਦਾ ਜਾਵੇਗਾ। ਜਿਸ ਵਿਚ ਉਨ੍ਹਾਂ ਕਿਹਾ ਕਿ ਅਟਾਰੀ ਬਾਡਰ ਦੇ ਸਥਿਤ ਇਨਟੈੱਗਰੇਟਿਡ ਚੈੱਕ ਪੋਸਟ (ਇਛਫ) ਅਟਾਰੀ ਰਾਹੀਂ ਭਾਰਤ ਪਾਕਿਸਤਾਨ ਦੁਵੱਲੇ ਵਪਾਰ ਨੂੰ ਬਹਾਲ ਕਰਾਉਣਾ ਵੀ ਉਸ ਦੀ ਤਰਜੀਹ ’ਚ ਸ਼ਾਮਿਲ ਹੈ। ਇਸ ਮੌਕੇ ਕਿਸਾਨਾਂ ਤੇ ਇਲਾਕਾ ਨਿਵਾਸੀਆਂ ਦੀ ਸਾਰ ਲੈਣ ਲਈ ਤਰਨਜੀਤ ਸੰਧੂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਚੁਣੇ ਹੋਏ ਕਿਸੇ ਵੀ ਲੋਕ ਪ੍ਰਤੀਨਿਧ ਨੇ ਉਨ੍ਹਾਂ ਦੀ ਸਾਰ ਨਹੀਂ ਲਈ ਹੈ। ਉਨ੍ਹਾਂ ਸ. ਸੰਧੂ ਨੂੰ ਪੂਰਨ ਸਮਰਥਨ ਦੇਣ ਦਾ ਭਰੋਸਾ ਦਿੱਤਾ। ਸੰਧੂ ਸਮੁੰਦਰੀ ਨੇ ਅਟਾਰੀ ਹਲਕੇ ਦੇ ਭਾਜਪਾ ਆਗੂ ਪ੍ਰਭਾਰੀ ਡਾ. ਸੁਸ਼ੀਲ ਦੇਵਗਨ ਦੀ ਅਗਵਾਈ ’ਚ ਸਮੁੰਦਰੀ ਹਾਊਸ ਮੁਲਾਕਾਤ ਲਈ ਆਏ ਸਰਹੱਦੀ ਲੋਕਾਂ ਦੇ ਇਕ ਵਫ਼ਦ ਨੂੰ ਕਿਹਾ ਕਿ ਅਗਲੀ ਸਰਕਾਰ ਵੀ ਭਾਜਪਾ ਦੀ ਹੋਵੇਗੀ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਅੰਮ੍ਰਿਤਸਰ ਅਤੇ ਸਰਹੱਦੀ ਇਲਾਕੇ ਲਈ ਵਿਸ਼ੇਸ਼ ਪੈਕੇਜ ਲਿਆਂਦਾ ਜਾਵੇਗਾ।



ਸ. ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਮੋਦੀ ਦਾ ਏਜੰਡਾ ਵਿਕਾਸ ਦਾ ਰਿਹਾ ਹੈ। ਇਹ ਵਿਕਾਸ ਅੰਮ੍ਰਿਤਸਰ ਦੇ ਸਰਹੱਦੀ ਖੇਤਰਾਂ ਤਕ ਫੈਲਿਆ ਹੋਵੇਗਾ। ਉਨ੍ਹਾਂ ਕਿਹਾ ਕਿ ਸਰਹੱਦੀ ਲੋਕਾਂ ਨੂੰ ਦਰਪੇਸ਼ ਮਸਲਿਆਂ ਦਾ ਜਲਦ ਹੱਲ ਕੱਢਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸਰਹੱਦ ’ਤੇ ਵਸੇ ਲੋਕਾਂ ਦੀ ਆਰਥਿਕ ਹਾਲਤ ਵੀ ਠੀਕ ਕਰਨਾ ਹੈ। ਤਾਂ ਕਿ ਬਾਰਡਰ ਏਰੀਆ ਨੂੰ ਸੁਧਾਰਿਆ ਜਾ ਸਕਦਾ ਹੈ ਅਤੇ ਸਰਹੱਦ ਦੇ ਨਾਲ ਲੱਗਦੇ ਕਿਸਾਨਾਂ ਅਤੇ ਆਮ ਲੋਕਾਂ ਦਾ ਜੀਵਨ ਸੁਖਮਈ ਹੋ ਸਕੇ। ਵਫ਼ਦ ਨਾਲ ਆਏ ਕੁਝ ਕਿਸਾਨਾਂ ਨੇ ਤਰਨਜੀਤ ਸਿੰਘ ਸੰਧੂ ਕੋਲ ਸਰਹੱਦ ’ਤੇ ਲੱਗੀ ਕੰਡਿਆਲੀ ਤਾਰ ਦਾ ਮਾਮਲਾ ਉਠਾਇਆ। ਉਨ੍ਹਾਂ ਤਾਰ ਨੂੰ ਜ਼ੀਰੋ ਲਾਇਨ ’ਤੇ ਲਿਜਾਣ ਦੀ ਅਪੀਲ ਕੀਤੀ। ਸ. ਸੰਧੂ ਨੇ ਕਿਹਾ ਕਿ ਇਸ ਮਾਮਲੇ ਨੂੰ ਕੇਂਦਰ ਕੋਲ ਰੱਖਿਆ ਜਾ ਚੁਕਾ ਹੈ ਅਤੇ ਇਸ ’ਤੇ ਅਮਲ ਵੀ ਹੋ ਚੁਕਾ ਹੈ ਅਤੇ ਨਤੀਜੇ ਜਲਦ ਸਾਹਮਣੇ ਆਉਣਗੇ। ਉਨ੍ਹਾਂ ਕਿਸਾਨਾਂ ਨੂੰ ਆਮਦਨੀ ’ਚ ਵਾਧੇ ਲਈ ਆਪਣੀਆਂ ਫ਼ਸਲਾਂ, ਫ਼ਲ ਅਤੇ ਸਬਜ਼ੀਆਂ ਨੂੰ ਅੰਮ੍ਰਿਤਸਰ ਤੋਂ ਏਅਰ ਕਾਰਗੋ ਰਾਹੀਂ ਖਾੜੀ ਅਤੇ ਅਮਰੀਕਾ ਵਿਚ ਭੇਜਣ ਦਾ ਵੀ ਸੁਝਾਅ ਦਿੱਤਾ। ਜਿਸ ਲਈ ਉਹ ਹਰ ਤਰਾਂ ਮਦਦ ਕਰਨ ਲਈ ਤਿਆਰ ਹਨ।

ਸੰਧੂ ਨੇ ਸ਼ਹਿਰ ਵਿਚ ਅਮਨ ਕਾਨੂੰਨ ਦੀ ਮਾੜੀ ਹਾਲਤ ’ਤੇ ਚਿੰਤਾ ਜ਼ਾਹਿਰ ਕੀਤੀ। ਇਥੇ ਕਾਨੂੰਨ ਵਿਵਸਥਾ ਦਿਨੋਂ ਦਿਨ ਖ਼ਰਾਬ ਹੋ ਰਹੀ ਹੈ, ਪੂਰੇ ਪੰਜਾਬ ’ਚ ਇਹੀ ਹਾਲ ਹੈ। ਸੰਧੂ ਨੇ ਕਿਹਾ ਕਿ ਜਿਨ੍ਹਾਂ ਰਾਜਾਂ ਵਿਚ ਭਾਜਪਾ ਦੀਆਂ ਸਰਕਾਰਾਂ ਹਨ ਉੱਥੇ ਅਮਨ ਕਾਨੂੰਨ ਦੀ ਕੋਈ ਸਮੱਸਿਆ ਨਹੀਂ ਹੈ। ਉਨ੍ਹਾਂ ਕਿਹਾ ਕਿ ਭਾਜਪਾ ਚਾਹੁੰਦੀ ਹੈ ਕਿ ਇਸ ਵਾਰ ਪੰਜਾਬ ਦੇ ਲੋਕ ਸੋਚ ਸਮਝ ਕੇ ਵੋਟ ਪਾਉਣ। ਪਿਛਲੇ 7 ਸਾਲ ਤੋਂ ਇਸ ਲੋਕ ਸਭਾ ਹਲਕੇ ਦੀ ਹਾਲਤ ਬਦ ਤੋਂ ਬਦਤਰ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਵੱਲੋਂ ਜਾਰੀ ਕੇਂਦਰੀ ਸਕੀਮਾਂ ਰਾਜ ਸਰਕਾਰ ਦੀ ਅਣਗਹਿਲੀ ਕਾਰਨ ਲੋਕਾਂ ਤਕ ਨਹੀਂ ਪਹੁੰਚ ਰਹੀਆਂ ਹਨ, ਉਨ੍ਹਾਂ ਨੂੰ ਲੋਕਾਂ ਤਕ ਪਹੁੰਚ ਯਕੀਨੀ ਬਣਾਇਆ ਜਾਵੇਗਾ। ਮੋਦੀ ਸਰਕਾਰ ਦੀਆਂ ਸਕੀਮਾਂ ਘਰ ਘਰ ਪਹੁੰਚਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਸਾਡੀਆਂ ਭੈਣਾਂ ਵੀ ਖੁੱਲ ਕੇ ਆਪਣੀ ਗਲ ਰੱਖਣਗੀਆਂ। ਉਨ੍ਹਾਂ ਕਿਹਾ ਕਿ ਭਾਜਪਾ ਵਿਕਾਸ ਦੇ ਮੁੱਦੇ ਨੂੰ ਲੈ ਕੇ ਲੋਕਾਂ ’ਚ ਆਈ ਹੈ ਅਤੇ ਉਨ੍ਹਾਂ ਦੇ ਸਿਆਸੀ ਵਿਰੋਧੀ ਉਮੀਦਵਾਰ ਵੀ ਹੁਣ ਵਿਕਾਸ ਦੀਆਂ ਗੱਲਾਂ ਕਰਨ ਲੱਗੇ ਹਨ। ਇਹ ਭਾਜਪਾ ਦੀ ਪਹਿਲੀ ਜਿੱਤ ਹੈ। ਉਨ੍ਹਾਂ ਕਿਹਾ ਕਿ ਜਿੱਥੇ ਭਾਰਤ ਅੱਗੇ ਨਿਕਲ ਰਿਹਾ ਹੈ ਉੱਥੇ ਸਥਾਨਕ ਲੀਡਰਸ਼ਿਪ ਦੀ ਨਾਕਾਮੀ ਕਾਰਨ ਅੰਮ੍ਰਿਤਸਰ ਬਹੁਤ ਪਿਛੜ ਗਿਆ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਦੇ ਨੁਮਾਇੰਦੇ ਨੇ 7 ਸਾਲ ਕੁਝ ਨਹੀਂ ਕੀਤਾ, ਹੁਣ ਲੋਕ ਸਾਨੂੰ ਸਹਿਯੋਗ ਦੇਣ ਅਸੀਂ ਉਨ੍ਹਾਂ ਦੀਆਂ ਆਸਾਂ ਉਮੀਦਾਂ ’ਤੇ ਖਰੇ ਉੱਤਰਾਂਗੇ। ਉਨ੍ਹਾਂ ਕਿਹਾ ਕਿ ਭਾਰਤ ’ਚ ਜੋ ਵਿਕਾਸ ਹੋ ਰਿਹਾ ਹੈ ਉਹ ਅੰਮ੍ਰਿਤਸਰ ਵਿਚ ਵੀ ਹੋਵੇਗਾ। ਉਨ੍ਹਾਂ ਕਿਹਾ ਕਿ ਅਸੀਂ ਇਹ ਯਕੀਨੀ ਬਣਾਵਾਂਗੇ ਕਿ ਗ਼ਰੀਬਾਂ ਦਾ ਭੋਜਨ ਪੌਸ਼ਟਿਕ, ਸੰਤੋਸ਼ਜਨਕ ਅਤੇ ਕਿਫ਼ਾਇਤੀ ਹੋਵੇ। ਮੋਦੀ ਦੀ ਗਾਰੰਟੀ ਹੈ ਕਿ ਮੁਫ਼ਤ ਰਾਸ਼ਨ ਸਕੀਮ ਅਗਲੇ 5 ਸਾਲਾਂ ਤੱਕ ਜਾਰੀ ਰਹੇਗੀ। ਉਨ੍ਹਾਂ ਕਿਹਾ ਕਿ ਭਾਜਪਾ ਅੰਮ੍ਰਿਤਸਰ ਦੇ ਨੌਜਵਾਨ ਇੱਛਾਵਾਂ ਦੀ ਪੂਰਤੀ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਪਿਛਲੇ 10 ਸਾਲਾਂ 'ਚ 25 ਕਰੋੜ ਲੋਕਾਂ ਨੂੰ ਗ਼ਰੀਬੀ 'ਚੋਂ ਬਾਹਰ ਕੱਢ ਕੇ ਭਾਜਪਾ ਸਰਕਾਰ ਨੇ ਸਾਬਤ ਕਰ ਦਿੱਤਾ ਹੈ ਕਿ ਭਾਜਪਾ ਸਰਕਾਰ ਨਤੀਜੇ ਲਿਆਉਂਦੀ ਹੈ। ਪਰ ਕੰਮ ਇੱਥੇ ਹੀ ਨਹੀਂ ਰੁਕਦਾ ਕਿਉਂਕਿ ਗ਼ਰੀਬੀ 'ਚੋਂ ਬਾਹਰ ਆਏ ਲੋਕਾਂ ਨੂੰ ਲੰਬੇ ਸਮੇਂ ਤੋਂ ਸਹਾਰੇ ਦੀ ਲੋੜ ਹੁੰਦੀ ਹੈ , ਕਿਉਂਕਿ ਇੱਕ ਛੋਟੀ ਜਿਹੀ ਮੁਸ਼ਕਿਲ ਇੱਕ ਵਿਅਕਤੀ ਨੂੰ ਗ਼ਰੀਬੀ ਤੋਂ ਬਾਹਰ ਵਾਪਸ ਗ਼ਰੀਬੀ ਵੱਲ ਧੱਕ ਸਕਦੀ ਹੈ। ਇਸ ਸੋਚ ਨਾਲ ਭਾਜਪਾ ਨੇ ਗ਼ਰੀਬਾਂ ਦੀ ਭਲਾਈ ਲਈ ਕਈ ਯੋਜਨਾਵਾਂ ਦਾ ਵਿਸਥਾਰ ਕਰਨ ਦਾ ਸੰਕਲਪ ਲਿਆ ਹੈ। ਇਸ ਮੌਕੇ ਤਰਨਜੀਤ ਸੰਧੂ ਨੇ ਭਾਰੀ ਵੋਟਾਂ ਨਾਲ ਜਿੱਤ ਦਿਵਾਉਣ ਦੀ ਅਪੀਲ ਕੀਤੀ ।

# ਮੁੱਖ ਮੰਤਰੀ ਦੀ ਆਮਦ ’ਤੇ ਮੰਗ ਪੱਤਰ ਦੇਣ ਜਾਂਦੇ ਬੇਰੁਜ਼ਗਾਰ ਰਸਤੇ ਵਿੱਚ ਰੋਕੇ

ਸੰਗਰੂਰ
ਸਾਂਝੀ ਸੋਚ ਬਿਊਰੋ




ਸਿੱਖਿਆ ਅਤੇ ਸਿਹਤ ਵਿਭਾਗ ਵਿੱਚ ਰੁਜ਼ਗਾਰ ਦੀ ਮੰਗ ਕਰਦੇ ਬੇਰੁਜ਼ਗਾਰਾਂ ਦੇ ਬੇਰੁਜ਼ਗਾਰ ਸਾਂਝੇ ਮੋਰਚੇ ਵੱਲੋਂ ਲੋਕ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਮੰਗ ਪੱਤਰ ਦੇਣ ਦਾ ਸੰਘਰਸ਼ ਆਰੰਭਿਆ ਹੋਇਆ ਹੈ। ਇਸੇ ਤਹਿਤ ਸਥਾਨਕ ਮੈਰੀ ਲੈਂਡ ਰਿਜ਼ੋਰਟ ਪਹੁੰਚ ਰਹੇ ਮੁੱਖ ਮੰਤਰੀ ਨੂੰ ਮੰਗ ਪੱਤਰ ਦੇਣ ਪਹੁੰਚੇ ਬੇਰੁਜ਼ਗਾਰਾਂ ਨੂੰ ਸਥਾਨਕ ਟੀ-ਪੁਆਇੰਟ ਨੇੜੇ ਓਵਰ ਬ੍ਰਿਜ ਕੋਲ ਪੁਲਿਸ ਪ੍ਰਸ਼ਾਸ਼ਨ ਵੱਲੋਂ ਡੱਕ ਲਿਆ ਗਿਆ। ਜਿੱਥੇ ਬੇਰੁਜ਼ਗਾਰਾਂ ਨੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ, ਜਿਹੜੀ ਕਿ ਸ਼ਾਮ ਤੱਕ ਜਾਰੀ ਰਹੀ। ਪੰਜ ਬੇਰੁਜ਼ਗਾਰ ਜਥੇਬੰਦੀਆਂ (ਬੀ ਐਡ ਟੈੱਟ ਪਾਸ,ਆਰਟ ਐਂਡ ਕਰਾਫਟ, ਓਵਰਏਜ਼ ਬੀ ਐਡ ਯੂਨੀਅਨ, ਮੈਥ/ਸਾਇੰਸ ਅਤ ਮਲਟੀ ਪਰਪਜ਼ ਹੈਲਥ ਵਰਕਰ ਯੂਨੀਅਨ) ਉੱਤੇ ਆਧਾਰਿਤ ਸਾਂਝੇ ਮੋਰਚੇ ਦੇ ਆਗੂਆਂ ਸੁਖਵਿੰਦਰ ਸਿੰਘ ਢਿੱਲਵਾਂ, ਜਸਵੰਤ ਸਿੰਘ ਘੁਬਾਇਆ, ਰਮਨ ਕੁਮਾਰ ਮਲੋਟ, ਹਰਜਿੰਦਰ ਸਿੰਘ ਝੁਨੀਰ ਅਤੇ ਅਮਨ ਸੇਖਾ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਨੇ ਵਿਧਾਨ ਸਭਾ ਚੋਣਾਂ ਮੌਕੇ ਬੇਰੁਜ਼ਗਾਰਾਂ ਨਾਲ ਕੀਤੇ ਵਾਅਦਿਆਂ ਵਿੱਚੋ ਇੱਕ ਵੀ ਵਾਅਦਾ ਪੂਰਾ ਨਹੀਂ ਕੀਤਾ। ਸਿਹਤ ਅਤੇ ਸਿੱਖਿਆ ਵਿੱਚ ਇੱਕ ਵੀ ਅਸਾਮੀ ਉੱਤੇ ਭਰਤੀ ਕਰਨ ਦਾ ਇਸ਼ਤਿਹਾਰ ਜਾਰੀ ਨਹੀਂ ਕੀਤਾ, ਪਿਛਲੀ ਸਰਕਾਰ ਵੇਲੇ ਦੀਆਂ ਜਾਰੀ ਅਸਾਮੀਆਂ ਨੂੰ ਅਜੇ ਤੀਕ ਮੁਕੰਮਲ ਨਹੀਂ ਕੀਤਾ ਸਗੋਂ ਭਰਤੀਆਂ ਨੂੰ ਰੱਦ ਕੀਤਾ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਪੰਜਾਬ ਦੇ ਬੇਰੁਜ਼ਗਾਰਾਂ ਨੂੰ ਉਮਰ ਹੱਦ ਛੋਟ ਦੇਣ ਦਾ ਵਾਅਦਾ ਦੋ ਸਾਲ ਮਗਰੋ ਵੀ ਲਟਕ ਰਿਹਾ ਹੈ। ਉਹਨਾਂ ਦੱਸਿਆ ਕਿ ਹਰੇਕ 31 ਦਸੰਬਰ ਨੂੰ ਹਜ਼ਾਰਾਂ ਬੇਰੁਜ਼ਗਾਰ ਉਮੀਦਵਾਰ ਓਵਰਏਜ਼ ਹੋ ਰਹੇ ਹਨ। ਉਹਨਾਂ ਕਿਹਾ ਕਿ ਉਹ ਅੱਜ ਆਪਣੀਆਂ ਉਕਤ ਮੰਗਾਂ ਲਈ ਉਹ ਮੁੱਖ ਮੰਤਰੀ ਪੰਜਾਬ ਨੂੰ ਆਪਣੀ ਮੰਗ ਦੱਸਣ ਜਾ ਰਹੇ ਸਨ। ਪ੍ਰੰਤੂ ਸੂਬਾ ਸਰਕਾਰ ਪੂਰੀ ਤਰਾਂ ਬੁਖਲਾ ਚੁੱਕੀ ਹੈ। ਜਿਸ ਕਰਕੇ ਬੇਰੁਜ਼ਗਾਰਾਂ ਦੀ ਜੁਬਾਨ ਬੰਦ ਕੀਤੀ ਜਾ ਰਹੀ ਹੈ। ਉਹਨਾਂ ਦੱਸਿਆ ਕਿ ਆਉਂਦੇ ਸਮੇਂ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਪੰਜਾਬ ਦੇ ਪਿੰਡਾਂ ਵਿਚ ਸਵਾਲ ਕੀਤੇ ਜਾਣਗੇ। ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਮੰਗ ਪੱਤਰ ਦੇ ਕੇ ਲੰਘੇ ਦੋ ਸਾਲ ਦਾ ਲੇਖਾ ਜੋਖਾ ਪੁੱਛਿਆ ਜਾਵੇਗਾ। ਇਸ ਮੌਕੇ ਮੁਨੀਸ਼ ਕੁਮਾਰ ਫਾਜ਼ਿਲਕਾ, ਰਣਬੀਰ ਸਿੰਘ ਨਦਾਮਪੁਰ, ਲਲਿਤਾ ਪਟਿਆਲਾ, ਲਖਵੀਰ ਬੀਹਲਾ, ਰੋਹਿਤ ਤਪਾ, ਅਵਤਾਰ ਹਰੀਗੜ੍ਹ, ਕਰਮਜੀਤ ਦਾਨਗੜ੍ਹ, ਅਮਨਦੀਪ ਪੁਰੀ ਭਦੌੜ, ਸੰਦੀਪ ਧੌਲਾ ਅਤੇ ਸੁਨੀਲ ਕੁਮਾਰ ਆਦਿ ਹਾਜ਼ਰ ਸਨ। ਖ਼ਬਰ ਲਿਖੇ ਜਾਣ ਤੱਕ ਬੇਰੁਜ਼ਗਾਰ ਓਵਰ ਬ੍ਰਿਜ ਹੇਠਾਂ ਡੱਟੇ ਹੋਏ ਸਨ। ਪ੍ਰਸ਼ਾਸ਼ਨ ਵੱਲੋਂ ਬੇਰੁਜ਼ਗਾਰਾਂ ਦੀ ਮੁੱਖ ਮੰਤਰੀ ਨਾਲ ਮੀਟਿੰਗ ਕਰਵਾਉਣ ਦਾ ਲਾਰਾ ਦਿੱਤਾ ਜਾ ਰਿਹਾ ਸੀ।

ਬੇਰੁਜ਼ਗਾਰਾਂ ਦੀਆਂ ਮੁੱਖ ਮੰਗਾਂ:

1.ਉਮਰ ਹੱਦ ਛੋਟ ਦੇ ਕੇ ਮਾਸਟਰ ਕੇਡਰ ਦੇ ਸਾਰੇ ਵਿਸ਼ਿਆਂ ਦੀਆਂ ਸਾਰੀਆਂ ਖਾਲੀ ਅਸਾਮੀਆਂ ਉੱਤੇ ਭਰਤੀ ਕੀਤੀ ਜਾਵੇ। 2.ਮਾਸਟਰ ਕੇਡਰ ਵਿੱਚ ਥੋਪੀ ਬੇਤੁਕੀ ਸ਼ਰਤ 55 ਪ੍ਰਤੀਸ਼ਤ ਰੱਦ ਕੀਤੀ ਜਾਵੇ। 3.ਆਰਟ ਐਂਡ ਕਰਾਫਟ ਦਾ ਲਿਖਤੀ ਪੇਪਰ ਤੁਰੰਤ ਲਿਆ ਜਾਵੇ। 4.ਮਲਟੀ ਪਰਪਜ਼ ਹੈਲਥ ਵਰਕਰ ਦੀਆਂ ਸਾਰੀਆਂ ਖਾਲੀ ਅਸਾਮੀਆਂ ਉੱਤੇ ਉਮਰ ਹੱਦ ਛੋਟ ਦੇ ਕੇ ਭਰਤੀ ਕੀਤੀ ਜਾਵੇ।

# ਜਨਤਕ, ਜਮਹੂਰੀ ਜਥੇਬੰਦੀਆਂ ਵੱਲੋਂ ਮੋਦੀ ਦੀਆਂ ਨਫ਼ਰਤੀ ਅਤੇ ਦੇਸ਼ ਨੂੰ ਵੰਡਣ ਵਾਲੀਆਂ ਤਕਰੀਰਾਂ ਖ਼ਿਲਾਫ਼ ਲਾਮਬੰਦੀ



ਸੰਗਰੂਰ
ਸਾਂਝੀ ਸੋਚ ਬਿਊਰੋ

ਜਮਹੂਰੀ ਅਧਿਕਾਰ ਸਭਾ ਸੰਗਰੂਰ ਦੀ ਅਗਵਾਈ ਵਿੱਚ ਇਲਾਕੇ ਦੀਆਂ ਜਨਤਕ, ਜਮਹੂਰੀ ਅਤੇ ਲੋਕ ਪੱਖੀ ਜਥੇਬੰਦੀਆਂ ਦੀ ਇਕੱਤਰਤਾ ਤੇਜਾ ਸਿੰਘ ਸੁਤੰਤਰ ਭਵਨ ਵਿਖੇ ਜਿਲਾ ਪ੍ਰਧਾਨ ਜਗਜੀਤ ਭੁਟਾਲ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਪਿਛਲੇ ਦਿਨਾਂ ਵਿੱਚ ਦੇਸ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਮੁਸਲਮਾਨ ਭਾਈਚਾਰੇ ਅਤੇ ਘੱਟ ਗਿਣਤੀਆਂ ਖਿਲਾਫ ਉਗਲੇ ਜਾ ਰਹੇ ਫਿਰਕੂ ਜਹਿਰ ਦਾ ਸਖਤ ਨੋਟਿਸ ਲੈਂਦਿਆਂ ਚੋਣ ਕਮਿਸ਼ਨ ਤੋਂ ਮੰਗ ਕੀਤੀ ਕਿ ਉਹਨਾਂ ਨੂੰ ਚੋਣ ਪ੍ਰਕਿਰਿਆ ਤੋਂ ਬਾਹਰ ਕਰਕੇ ਪੁਲਿਸ ਕੇਸ ਦਰਜ਼ ਕੀਤਾ ਜਾਵੇ। ਚੋਣ ਰੈਲੀਆਂ ਵਿੱਚ ਝੂਠੇ ਬਿਰਤਾਂਤ ਸਿਰਜ ਕੇ ਦੇਸ਼ ਦੇ ਇੱਕ ਵੱਡੇ ਹਿੱਸੇ ਨੂੰ ਘੁਸਪੈਠੀਆ ਕਹਿਣ ਅਤੇ ਦੇ ਫਿਰਕੂ ਜਹਿਰ ਫੈਲਾਉਣ ਦੇ ਬਾਵਜੂਦ ਦੇਸ਼ ਦਾ ਚੋਣ ਕਮਿਸ਼ਨ ਚੁੱਪ ਚਾਪ ਲੋਕਤੰਤਰ ਦੀਆਂ ਧੱਜੀਆਂ ਉਡਦੀਆਂ ਦੇਖ ਰਿਹਾ ਹੈ, ਜੋ ਕਿ ਮੁਲਕ ਲਈ ਤਬਾਹਕੁਰਨ ਸਾਬਤ ਹੋਵੇਗਾ। ਇੰਨੇ ਨੀਵੇਂ ਦਰਜੇ ਦੀਆਂ ਤਕਰੀਰਾਂ ਅੱਜ ਤੱਕ ਭਾਰਤ ਦੇ ਇਤਿਹਾਸ ਵਿੱਚ ਕਦੇਂ ਵੀ ਸੁਣਨ ਜਾਂ ਦੇਖਣ ਨੂੰ ਨਹੀਂ ਮਿਲੀਆਂ। ਜਿਸ ਦੇ ਖਿਲਾਫ 6 ਮਈ ਨੂੰ ਸੰਗਰੂਰ ਵਿਖੇ ਜਮਹੂਰੀ ਅਧਿਕਾਰ ਸਭਾ ਦੇ ਸੱਦੇ ਤੇ ਸਮੂਹ ਜਨਤਕ ਜਮਹੂਰੀ ਜਥੇਬੰਦੀਆਂ ਅਤੇ ਇਨਸਾਫ਼ ਪਸੰਦ ਲੋਕਾਂ ਵਲੋ ਸ਼ਹਿਰ ਵਿੱਚ ਮੁਜ਼ਾਹਰਾ ਕਰਨ ਉਪਰੰਤ ਅਰਥੀ ਫੂਕੀ ਜਾਵੇਗੀ। ਮੀਟਿੰਗ ਵਿੱਚ ਪਾਸ ਕੀਤੇ ਮਤੇ ਰਾਹੀਂ ਜਥੇਬੰਦੀਆਂ ਨੇ ਸੁਪਰੀਮ ਕੋਰਟ ਦੇ ਚੀਫ ਜਸਟਿਸ ਨੂੰ ਇਸ ਦਾ ਨੋਟਿਸ ਲੈਂਦਿਆਂ ਪ੍ਰਧਾਨ ਮੰਤਰੀ ਖਿਲਾਫ ਸਖਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਅਤੇ ਪ੍ਰਧਾਨ ਮੰਤਰੀ ਨੂੰ ਦੇਸ਼ ਦੇ ਲੋਕਾਂ ਤੋਂ ਮੁਆਫੀ ਮੰਗਣ ਲਈ ਕਿਹਾ। ਮੀਟਿੰਗ ਵਿਚ ਕਰਾਂਤੀਕਾਰੀ ਪੇਡੂ ਮਜਦੂਰ ਯੂਨੀਅਨ ਦੇ ਲਖਵੀਰ ਲੌਂਗੋਵਾਲ, ਤਰਕਸ਼ੀਲ ਸੁਸਾਇਟੀ ਦੇ ਪਰਮਵੇਦ, ਸੁਰਿੰਦਰ ਉਪਲੀ, ਗੁਰਦੀਪ ਲਹਿਰਾ, ਅਦਾਰਾ ਤਰਕਸ਼ ਦੇ ਇੰਨਜਿੰਦਰ ਖੀਵਾ, ਕਰਾਂਤੀਕਾਰੀ ਪੇਡੂ ਮਜਦੂਰ ਯੂਨੀਅਨ ਦੇ ਧਰਮਪਾਲ, ਡੀਟੀਐੱਫ ਦੇ ਦਾਤਾ ਨਮੋਲ, ਜਸਵੀਰ ਨਮੋਲ, ਸੀ ਪੀ ਆਈ ਦੇ ਸੁਖਦੇਵ ਸ਼ਰਮਾ, ਲਾਲ ਚੰਦ, ਜਮਹੂਰੀ ਅਧਿਕਾਰ ਸਭਾ ਦੇ ਸਵਰਨਜੀਤ ਸਿੰਘ, ਬਸੇਸਰ ਰਾਮ, ਕੁਲਦੀਪ ਸਿੰਘ, ਜਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਬਿੱਕਰ ਹਥੋਆ, ਡੈਮੋਕਰੇਟਿਕ ਟੀਚਰਜ਼ ਫਰੰਟ ਦੇ ਰਘਵੀਰ ਸਿੰਘ ਭਵਾਨੀਗੜ੍ਹ, ਦੇਸ਼ ਭਗਤ ਯਾਦਗਾਰ ਦੇ ਜੁਝਾਰ ਲੌਂਗੋਵਾਲ, ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਚਮਕੌਰ ਮਹਿਲਾਂ, ਪੰਜਾਬ ਸਟੂਡੈਂਟਸ ਯੂਨੀਅਨ ਦੇ ਸੁਖਦੀਪ ਹਥਨ, ਸੀਨੀਅਰ ਆਗੂ ਗੁਰਬਖਸੀਸ਼ ਬਰਾੜ, ਭਜਨ ਰੰਗੀਆਂ, ਕੁਲਵਿੰਦਰ ਬੰਟੀ, ਬਲਜੀਤ ਬਾਲੀਆ, ਹਰਗੋਬਿੰਦ ਸੇਰਪੁਰ, ਚੰਦ ਸਿੰਘ, ਗੌਰਮਿੰਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੇ ਭੁਪਿੰਦਰ ਜੱਸੀ, ਜੀਤ ਸਿੰਘ ਢੀਂਡਸਾ ਆਦਿ ਹਾਜ਼ਰ ਸਨ।


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com


VOTE
&
SUPPORT
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
SATBIR SINGH HEER


GLOBAL DEFENCE SCHOOL PATIALA
A Unique Boarding School Of Patiala
with Largest Campus
GLOBAL DEFENCE SCHOOL
Choose to shine LIKE THE RISING SUN.
ADMISSIONS
SESSION 2024-25 OPEN
Nursery to 7th
CBSE PATTERN
" THE BEST CHOICE FOR YOUR KIDS"
Enroll Now
Day Cum Residential School
+91 9872601534, +91 9023433311
admission@globaldefenceschool.com
Nabha-Patiala Road, Rakhra Pincode 147201


ARES
LENDING
Residential | Commercial | Investment
ਆਪਣਾ ਘਰ Re-Finance ਜਾਂ ਖ਼ਰੀਦਣਾ
Business ਲੈਣਾ ਜਾਂ Re-Finance ਕਰਨਾ, Working Capital ਲੈਣਾ ਹੈ
ਤਾਂ ARES LANDING Assist ਕਰ ਸਕਦੀ ਹੈ :
SBA Loan
FHA Loan
CONVENTIONAL LOAN
PRIVATE LOAN
VA HOME LOANS
SBA LOAN
FHA LOAN
CONVENTIONAL LOAN
Commercial Loan
PRIVATE LOAN
VA LOAN
ਜੇਕਰ ਤੁਸੀਂ Veteran ਹੋ America ਦੇ ਤਾਂ
ਤੁਹਾਨੂੰ 100% Financing Veteran ਦਾ ਆਪਾ ਦਵਾ ਸਕਦੇ ਹਾਂ
Contact (TONY SINGH ) For More INFO at : (916) 519-7009
DRE#: 01901843 | NMLS: 823070 | DRE# 02188764 | NMLS# 2402240
TRS LDA SERVICES COMPANY
DRE# 02188764 | LDA# 2022-001
Loan ਲੈਣ ਵਿੱਚ ਆਉਂਦੀ ਹੋਵੇ ਮੁਸ਼ਕਿਲ ਤਾਂ TRS LDA SERVICES COMPANY
ਕੋਲ ਹੈ Credit Repair ਦਾ ਹਰ ਹੱਲ
Credit ਠੀਕ ਕਰਵਾਉਣਾ ਹੋਵੇ | Credit ਤੇ Negative Items ਹੋਣ | ਜ਼ਿਆਦਾ Enquiries ਹੋਣ
ਤੁਹਾਡਾ LOAN ਪਾਸ ਨਾ ਹੁੰਦਾ ਹੋਵੇ, ਤਾਂ ਅਸੀਂ ਤੁਹਾਡਾ Credit FIX ਕਰਨ ਵਿੱਚ ਮਦਦ ਕਰਦੇ ਹਾਂ
ਤੁਹਾਡਾ Score ਘੱਟ ਹੈ ਤਾਂ ਸਾਡੀ Company Credit Repair ਵੀ ਕਰਦੀ ਹੈ
ਜਾਣਕਾਰੀ ਲਈ ਕਾਲ ਕਰੋ : Credit Analyst : Fatima Fierros : (916) 829-4200

# ਕਣਕ ਦੇ ਖਰੀਦ ਪ੍ਰਬੰਧਾਂ ਵਿਚ ਕੋਈ ਅਣਗਹਿਲੀ ਨਾ ਵਰਤੀ ਜਾਵੇ -ਵੀ.ਕੇ.ਮੀਨਾ

ਮਾਨਸਾ
ਸਾਂਝੀ ਸੋਚ ਬਿਊਰੋ



ਜ਼ਿਲ੍ਹਾ ਮਾਨਸਾ ਦੇ ਪ੍ਰਭਾਰੀ ਸਕੱਤਰ ਵੀ.ਕੇ. ਮੀਨਾ ਅਤੇ ਡਿਪਟੀ ਕਮਿਸ਼ਨਰ ਵੱਲੋਂ ਮਾਨਸਾ ਜ਼ਿਲ੍ਹੇ ਦਾ ਦੌਰਾ ਕਰਕੇ ਕਣਕ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਨੇ ਅਨਾਜ ਮੰਡੀ ਭੀਖੀ, ਮਾਨਸਾ ਅਤੇ ਸਰਦੂਲਗੜ੍ਹ ਦਾ ਦੌਰਾ ਕਰਦਿਆਂ ਸਬੰਧਤ ਅਧਿਕਾਰੀਆਂ ਨੂੰ ਆਖਿਆ ਕਿ ਕਣਕ ਦੇ ਖਰੀਦ ਪ੍ਰਬੰਧਾਂ ਵਿੱਚ ਕੋਈ ਅਣਗਹਿਲੀ ਨਾ ਵਰਤੀ ਜਾਵੇ ਅਤੇ ਮੰਡੀਆਂ 'ਚ ਖਰੀਦੀ ਗਈ ਕਣਕ ਦੀ ਨਾਲੋ ਨਾਲ ਲਿਫਟਿੰਗ ਯਕੀਨੀ ਬਣਾਈ ਜਾਵੇ। ਉਨਾਂ ਦੱਸਿਆ ਕਿ ਮੰਡੀਆਂ ਵਿੱਚ ਕਣਕ ਵੇਚਣ ਵਾਲੇ ਕਿਸਾਨਾਂ ਨੂੰ ਨਾਲੋਂ ਨਾਲ ਕਣਕ ਦੀ ਅਦਾਇਗੀ ਕੀਤੀ ਜਾ ਰਹੀ ਹੈ। ਉਨ੍ਹਾਂ ਮੰਡੀਆਂ ਅੰਦਰ ਚੱਲ ਰਹੀ ਕਣਕ ਦੀ ਖਰੀਦ ਪ੍ਰਕਿਰਿਆ ਦਾ ਜਾਇਜ਼ਾ ਲੈਂਦਿਆਂ ਕਿਸਾਨਾਂ ਤੇ ਆੜ੍ਹਤੀਆਂ ਪਾਸੋਂ ਮੰਡੀਆਂ ਅੰਦਰ ਖਰੀਦ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਮੰਡੀਆਂ ਅੰਦਰ ਬਾਰਦਾਨੇ ਦੀ ਉਪਲੱਬਧਤਾ, ਰੋਜ਼ਾਨਾ ਮੰਡੀਆਂ ਵਿਚ ਕਣਕ ਦੀ ਆਮਦ, ਖਰੀਦ, ਲੇਬਰ ਅਤੇ ਟਰਾਂਸਪੋਰਟ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਲਿਫਟਿੰਗ ਪ੍ਰਕਿਰਿਆ ਵਿਚ ਤੇਜ਼ੀ ਲਿਆਉਣ ਲਈ ਆੜ੍ਹਤੀਆਂ ਅਤੇ ਐਫ.ਸੀ.ਆਈ. ਦੀ ਲੇਬਰ ਦੀ ਮਦਦ ਲਈ ਜਾਵੇ। ਵੀ.ਕੇ. ਮੀਨਾ ਨੇ ਅਨਾਜ ਮੰਡੀਆਂ ਦੇ ਦੌਰੇ ਮੌਕੇ ਖਰੀਦ ਏਜੰਸੀਆਂ ਅਤੇ ਆੜ੍ਹਤੀਆ ਐਸੋਸੀਏਸ਼ਨ ਦੇ ਆਹੁਦੇਦਾਰਾਂ ਨਾਲ ਗੱਲਬਾਤ ਕਰਦਿਆਂ ਕਣਕ ਦੀ ਖਰੀਦ ਅਤੇ ਲਿਫਟਿੰਗ ਵਿੱਚ ਤੇਜ਼ੀ ਲਿਆਉਣ ਦੇ ਆਦੇਸ਼ ਦਿੱਤੇ। ਇਸ ਮੌਕੇ ਡਿਪਟੀ ਕਮਿਸ਼ਨਰ ਪਰਮਵੀਰ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ ਕੁੱਲ 4,85,988 ਮੀਟਰਕ ਟਨ ਕਣਕ ਦੀ ਆਮਦ ਹੋ ਚੁੱਕੀ ਹੈ, ਜਿਸ ਵਿਚੋਂ ਕੁੱਲ 4,54,344 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ।

ਉਨਾਂ ਦੱਸਿਆ ਕਿ ਕਣਕ ਦੀ ਅਦਾਇਗੀ ਖਰੀਦ ਦੇ 48 ਘੰਟੇ ਵਿੱਚ ਕਰਨ ਦੇ ਨਿਯਮ ਹਨ ਅਤੇ ਇਸ ਨਿਯਮ ਅਨੁਸਾਰ 48 ਘੰਟੇ ਪਹਿਲਾਂ ਤੱਕ ਖਰੀਦੀ ਗਈ ਕਣਕ ਦੇ ਬਦਲੇ ਕਿਸਾਨਾਂ ਨੂੰ 887.49 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ।

ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ ਪਨਗਰੇਨ ਵੱਲੋਂ 160044 ਮੀਟਰਕ ਟਨ, ਮਾਰਕਫੈਡ ਵੱਲੋਂ 136070 ਮੀਟਰਕ ਟਨ, ਪਨਸਪ ਵੱਲੋਂ 107912 ਮੀਟਰਕ ਟਨ, ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 42915 ਮੀਟਰਕ ਟਨ ਅਤੇ ਵਪਾਰੀਆਂ ਵੱਲੋਂ 7403 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਲਿਫਟਿੰਗ ਦੇ ਕੰਮ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇਗੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਨਿਰਮਲ ਓਸੇਪਚਨ, ਐਸ.ਡੀ.ਐਮ. ਮਾਨਸਾ ਮਨਜੀਤ ਸਿੰਘ ਰਾਜਲਾ, ਐਸ.ਡੀ.ਐਮ. ਸਰਦੂਲਗੜ੍ਹ ਨਿਤੇਸ਼ ਕੁਮਾਰ ਜੈਨ, ਐਸ.ਡੀ.ਐਮ ਬੁਢਲਾਡਾ ਗਗਨਦੀਪ ਸਿੰਘ, ਜ਼ਿਲ੍ਹਾ ਖ਼ੁਰਾਕ ਤੇ ਸਿਵਲ ਸਪਲਾਈ ਕੰਟਰੋਲਰ ਮਨਦੀਪ ਸਿੰਘ ਮਾਨ, ਜ਼ਿਲ੍ਹਾ ਮੰਡੀ ਅਫ਼ਸਰ ਅਮਨ ਮੰਗਲਾ, ਜ਼ਿਲ੍ਹਾ ਮੈਨੇਜ਼ਰ ਪਨਸਪ ਅਮਿਤ ਕੁਮਾਰ, ਜ਼ਿਲ੍ਹਾ ਮੈਨੇਜ਼ਰ ਮਾਰਕਫੈਡ ਵਿਸ਼ਾਲ ਗੁਪਤਾ, ਜ਼ਿਲ੍ਹਾ ਮੈਨੇਜ਼ਰ ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਪਰਮਜੀਤ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।


# ਮਾਨਸਾ ਦੇ ਪ੍ਰਭਾਰੀ ਸਕੱਤਰ ਨੇ ਵੱਖ-ਵੱਖ ਖਰੀਦ ਏਜੰਸੀਆਂ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਕਣਕ ਦੇ ਖਰੀਦ ਪ੍ਰਬੰਧਾਂ ਬਾਰੇ ਮੀਟਿੰਗ ਕੀਤੀ

ਮਾਨਸਾ
ਸਾਂਝੀ ਸੋਚ ਬਿਊਰੋ



ਜ਼ਿਲ੍ਹੇ ਦੀਆਂ ਮੰਡੀਆਂ ਵਿਚ ਪਹੁੰਚ ਰਹੀ ਕਣਕ ਦੀ ਖਰੀਦ ਦੇ ਨਾਲ-ਨਾਲ ਲਿਫਟਿੰਗ ਪ੍ਰਕਿਰਿਆ ਵਿਚ ਵੀ ਤੇਜ਼ੀ ਲਿਆਂਦੀ ਜਾਵੇ ਤਾਂ ਜੋ ਕਿਸਾਨਾਂ ਨੂੰ ਕਿਸੇ ਪ੍ਰਕਾਰ ਦੀ ਕੋਈ ਦਿੱਕਤ ਪੇਸ਼ ਨਾ ਆਵੇ। ਇੰਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮਾਨਸਾ ਦੇ ਪ੍ਰਭਾਰੀ ਸਕੱਤਰ ਵੀ.ਕੇ.ਮੀਨਾ ਨੇ ਮਾਨਸਾ ਵਿਖੇ ਵੱਖ-ਵੱਖ ਖਰੀਦ ਏਜੰਸੀਆਂ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਰੋਜ਼ਾਨਾ ਦਾ ਟੀਚਾ ਨਿਰਧਾਰਤ ਕਰਕੇ ਲਿਫਟਿੰਗ ਪ੍ਰਕਿਰਿਆ ਵਿਚ ਤੇਜ਼ੀ ਲਿਆਂਦੀ ਜਾਵੇ।

ਉਨ੍ਹਾਂ ਖਰੀਦ ਕੀਤੀ ਜਿਣਸ ਦੀ ਅਦਾਇਗੀ ਅਤੇ ਲਿਫਟਿੰਗ ਨੂੰ ਯੋਜਨਾਬੱਧ ਢੰਗ ਨਾਲ ਕਰਨ ਦੇ ਆਦੇਸ਼ ਜਾਰੀ ਕੀਤੇ। ਉਨ੍ਹਾਂ ਸਮੂਹ ਐਸ.ਡੀ.ਐਮਜ਼ ਨੂੰ ਆਦੇਸ਼ ਦਿੱਤੇ ਕਿ ਉਹ ਆਪਣੀਆਂ ਆਪਣੀਆਂ ਸਬੰਧਤ ਮੰਡੀਆਂ ਵਿਚ ਰੋਜ਼ਾਨਾ ਦੇ ਆਧਾਰ 'ਤੇ ਦੌਰਾ ਕਰਕੇ ਕਿਸਾਨਾਂ ਅਤੇ ਆੜ੍ਹਤੀਆਂ ਨਾਲ ਰਾਬਤਾ ਕਾਇਮ ਰੱਖਣ ਤਾਂ ਜੋ ਖਰੀਦ ਪ੍ਰਕਿਰਿਆ ਸੁਖਾਲੇ ਢੰਗ ਨਾਲ ਨੇਪਰੇ ਚੜ੍ਹਾਈ ਜਾ ਸਕੇ। ਡਿਪਟੀ ਕਮਿਸ਼ਨਰ ਪਰਮਵੀਰ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਕਣਕ ਦੀ ਖਰੀਦ ਲਈ ਕੁੱਲ 146 ਖਰੀਦ ਕੇਂਦਰ ਬਣਾਏ ਗਏ ਹਨ, ਜੋ ਵੱਖ-ਵੱਖ ਖਰੀਦ ਏਜੰਸੀਆਂ ਨੂੰ ਅਲਾਟ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਸ ਸੀਜ਼ਨ 6.02 ਲੱਖ ਮੀਟਰਕ ਟਨ ਕਣਕ ਮੰਡੀਆਂ ਵਿਚ ਆਉਣ ਦੀ ਸੰਭਾਵਨਾ ਹੈ ਅਤੇ 4.85 ਲੱਖ ਮੀਟਰਕ ਟਨ ਕਣਕ ਮੰਡੀਆਂ ਵਿਚ ਆ ਚੁੱਕੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਅੰਦਰ ਕਣਕ ਦੀ ਖ਼ਰੀਦ ਪ੍ਰਕਿਰਿਆ 'ਚ ਕਿਸੇ ਕਿਸਮ ਦੀ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਨਿਰਮਲ ਓਸੇਪਚਨ, ਐਸ.ਡੀ.ਐਮ. ਮਾਨਸਾ ਮਨਜੀਤ ਸਿੰਘ ਰਾਜਲਾ, ਐਸ.ਡੀ.ਐਮ. ਸਰਦੂਲਗੜ੍ਹ ਨਿਤੇਸ਼ ਕੁਮਾਰ ਜੈਨ, ਐਸ.ਡੀ.ਐਮ. ਬੁਢਲਾਡਾ ਗਗਨਦੀਪ ਸਿੰਘ, ਐਸ.ਪੀ ਜਸਕੀਰਤ ਸਿੰਘ, ਜ਼ਿਲ੍ਹਾ ਖ਼ੁਰਾਕ ਤੇ ਸਿਵਲ ਸਪਲਾਈ ਕੰਟਰੋਲਰ ਮਨਦੀਪ ਸਿੰਘ ਮਾਨ, ਜ਼ਿਲ੍ਹਾ ਮੰਡੀ ਅਫ਼ਸਰ ਅਮਨ ਮੰਗਲਾ, ਜ਼ਿਲ੍ਹਾ ਮੈਨੇਜ਼ਰ ਪਨਸਪ ਅਮਿਤ ਕੁਮਾਰ, ਜ਼ਿਲ੍ਹਾ ਮੈਨੇਜ਼ਰ ਮਾਰਕਫੈਡ ਵਿਸ਼ਾਲ ਗੁਪਤਾ, ਜ਼ਿਲ੍ਹਾ ਮੈਨੇਜ਼ਰ ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਪਰਮਜੀਤ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।







ਸ਼੍ਰੋਮਣੀ ਅਕਾਲੀ ਦਲ
VOTE & SUPPORT
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
BHUPINDER SINGH JADLA


Sanjha Punjab USA
Presents
Dr. Mamta Joshi
Sufi Gazal
MAY 4 SAT
AT
7:00 PM
LIVE
CONCERT
VENUE :
ANTUN'S
BY
MINAR
244 West Old Country Road Hicksville, New York 11801
Show Booking your City
Balwinder Singh Bajwa
Ph : 516-852-2222
SANJHA
ਪੰਜਾਬ
USA
www.sanjhapunjabusa.us | sanjhapunjabusa@gmail.com


Gillson
TRUCKING INC
NOW Hiring
Truck Drivers
Class A CDL
Signing Bonus
Top pay
Mileage Pay
Great Benefits
Over the Road or Local Routes
Reefers and Dry Van Operations
No touch freight
Skills:
Responsible truck driver.
Experience with electronic equipment.
Ability to travel regularly.
Adaptivity and foresight to handle unexpected situations (traffic, weather conditions and roads, etc.)
Responsibilities:
Safely operating assigned vehicles.
The Vehicles are maintained and serviced as needed.
Report any vehicle defects for repair.
Make safety a priority at all times.
Comply with standard federal laws and with company. policies and procedures.
Pay:
Between $80,000.00 - $120,000.00 per year
Average pay: $0.50- $0.60 cents/mile
Weekly direct deposits
Bonuses for clean inspections
High mileage bonuses
Newer Equipment:
Freightliner and Volvo 2020 and present
Reset pay away from Terminals- Stockton, CA and Dayton, Ohio
Flexible Home Time
Pet Friendly
Rider Policy
Health Benefits:
Health
Dental
Vision
Where to Apply
It's on our website the link under apply now. Please copy it here and then we would to have all.
Apply Here:
https://intelliapp.driverapponline.com/c/gillson?uri_b=ia_gillson_2058382794
Contact:
1801 E Dr. Martin Luther King Jr. Blvd, Stockton, CA 95205
925-400-9094 | ext.116, ext.130 and ext.144
info@teamgillson.com
Get in Touch:
gillsontrucking
gillsontrucking
company/gillsontrucking
www.teamgillson.com


SINCE 1990
BAGGA
PALACE
ਇੱਕੋ ਥਾਂ 'ਤੇ ਪਿਛਲੇ 1990 ਤੋਂ
ਤੁਹਾਡੀ ਸੇਵਾ ਕਰ ਰਹੇ ਹਨ
ਖਰੀਦੋ ਮਨਪਸੰਦ ਸੋਨੇ ਦੇ ਗਹਿਣੇ
ਨਵੇਂ ਤੋਂ ਨਵੇਂ ਡਿਜ਼ਾਈਨ
ਸ਼ੁੱਧਤਾ ਦੀ 100% ਗਾਰੰਟੀ
22 ਕੈਰੇਟ ਸੋਨੇ ਦੇ ਗਹਿਣੇ
We buy Gold
ਸੋਨੇ ਦੇ ਗਹਿਣੇ ਖਰੀਦਣ, ਵੇਚਣ ਅਤੇ ਪੁਰਾਣੇ ਸੋਨੇ ਬਦਲੇ
ਨਵਾਂ ਸੋਨਾ ਲੈਣ ਲਈ ਸੰਪਰਕ ਕਰੋ
Ph.: (916) 393-1872, (916) 678-9312
Monday to Sunday (open) | Tuesday ( closed )
(closed)
ADDRESS : 6620 FLORIN ROAD, SACRAMENTO , CA 95828

ਸੱਦਾ ਪੱਤਰ

# ਪੰਜਾਬੀ ਸਾਹਿਤ ਸਭਾ ਕੈਲੀਫੋਰਨੀਆ (ਰਜਿ.)

ਸੈਕਰਾਮੈਂਟੋ/ਯੂਬਾ ਸਿਟੀ

ਵੱਲੋਂ 20ਵੀਂ

## ਅੰਤਰਰਾਸ਼ਟਰੀ ਪੰਜਾਬੀ ਕਾਨਫਰੰਸ

**ਮਈ 19, ਐਤਵਾਰ, 2024, ਸਵੇਰੇ 9 ਵਜੇ ਤੋਂ 6 ਵਜੇ ਤੱਕ**

**ਸਥਾਨ : Pooja Restaurant, 1223 Merkely Ave. West Sacramento, 95691**

**ਪ੍ਰੋਗਰਾਮ**

- ਉਦਘਾਟਨ : 9.00 ਵਜੇ ਸਵੇਰੇ
- ਕਵੀ ਸੰਮੇਲਨ : 11.00 ਵਜੇ
- ਦੁਪਹਿਰ ਦਾ ਖਾਣਾ : 1.30 ਵਜੇ
- ਪੰਜਾਬੀ ਸਾਹਿਤ ਵਿਚਾਰ ਵਟਾਂਦਰਾ : 2.00 ਵਜੇ
- ਗੀਤ ਸੰਗੀਤ : 5.00 ਵਜੇ ਸ਼ਾਮ

ਆਪ ਜੀ ਨੂੰ ਬੇਨਤੀ ਹੈ ਕਿ ਪੰਜਾਬੀ ਸਾਹਿਤ ਸਭਾ ਕੈਲੀਫੋਰਨੀਆ ਦੀ 20ਵੀਂ ਅੰਤਰਰਾਸ਼ਟਰੀ ਪੰਜਾਬੀ ਕਾਨਫਰੰਸ ਮਿਤੀ 19 ਮਈ, 2024 ਨੂੰ ਹੋ ਰਹੀ ਹੈ। ਇਸ ਮੌਕੇ ਪੰਜਾਬੀ ਸਾਹਿਤ ਬਾਰੇ ਪਰਚੇ ਪੜ੍ਹੇ ਜਾਣਗੇ। ਕਵੀ ਸੰਮੇਲਨ ਹੋਵੇਗਾ। ਪੰਜਾਬੀ ਮਾਂ ਬੋਲੀ ਬਾਰੇ ਵਿਚਾਰ ਚਰਚਾ ਹੋਵੇਗੀ। ਇਸ ਤੋਂ ਇਲਾਵਾ ਗੀਤ-ਸੰਗੀਤ ਹੋਵੇਗਾ। ਆਪ ਜੀ ਨੂੰ ਬੇਨਤੀ ਹੈ ਕਿ ਆਪ ਇਸ ਮੌਕੇ ਪਹੁੰਚ ਕੇ ਕਾਨਫਰੰਸ ਦੀ ਰੌਣਕ ਨੂੰ ਵਧਾਉ।

**ਦਲਵੀਰ 'ਦਿਲ' ਨਿੱਜਰ**
ਪ੍ਰਧਾਨ
916-628-2210

ਉਡੀਕਵਾਨ :
**ਸਮੁੱਚੀ ਪੰਜਾਬੀ ਸਾਹਿਤ ਸਭਾ, ਕੈਲੀਫੋਰਨੀਆ**

**ਗੁਰਜਤਿੰਦਰ ਸਿੰਘ ਰੰਧਾਵਾ**
ਜਨਰਲ ਸਕੱਤਰ
916-320-9444

---

*Invitation by*

# Punjabi Sahit Sabha, California

*Sacramento/Yuba City*

*20th*

## *International Punjabi Conference*

***Place:** Pooja Restaurant, 1223 Merkely Ave. West Sacramento, 95691*

***Programme***

- Opening Ceremony: 9am
- Poetry (Kavi Sammelan): 11am
- Lunch: 1:30pm
- Discussions on Punjabi Language: 2pm
- Cultural Program: 5pm onwards.

You are cordially Invited to the International 20th Punjabi Conference of Punjabi Sahit Sabha, California to be held on May 19, 2024. Scholars of Punjabi Language and Literature will present their papers. There will be a poetry session, discussions and a Musical night. We hope you will grace the occasion with your presence.

**Dalvir 'Dil' Nijjar**
President
916-628-2210

*With Best Complements from*
*All Members*
*Punjabi Sahit Sabha, California*

**Gurjatinder Singh Randhawa**
General Secretary
916-320-9444





RE/MAX EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED



SANJHI SOCH
ਬਰਜਿੰਦਰ ਕੌਰ ਬਿਸਰਾਓ
99889-01324

# ਬਾਤਾਂ ਫੁਕਰਿਆਂ ਦੀਆਂ

ਸ਼ੁਰੂ ਤੋਂ ਹੀ ਹਰ ਭਾਈਚਾਰੇ ਵਿੱਚ ਸਭ ਨੂੰ ਸੁਭਾਅ ਪੱਖੋਂ ਵੱਖ ਵੱਖ ਕਿਸਮ ਦੇ ਲੋਕ ਮਿਲ਼ਦੇ ਹਨ। ਕਿਸੇ ਦਾ ਸੁਭਾਅ ਨਰਮ ਹੁੰਦਾ ਤੇ ਕਿਸੇ ਦਾ ਸੁਭਾਅ ਗਰਮ ਹੁੰਦਾ ਹੈ। ਕੋਈ ਨਿਮਰ ਸੁਭਾਅ ਦਾ ਤੇ ਕੋਈ ਬੜਾ ਹੰਕਾਰੀ ਹੁੰਦਾ ਹੈ। ਕੋਈ ਵਹਿਮੀ ਤੇ ਕੋਈ ਸਪਸ਼ਟ ਜਿਹਾ ਇਨਸਾਨ ਹੁੰਦਾ ਹੈ। ਚਲੋ ਇਹ ਤਾਂ ਆਮ ਜਿਹੀ ਗੱਲ ਹੈ ਪਰ ਅੱਜ ਆਪਾਂ ਇੱਕ ਹੋਰ ਈ ਕਿਸਮ ਦੇ ਸੁਭਾਅ ਦੀ ਗੱਲ ਕਰਦੇ ਹਾਂ ਮਤਲਬ ਕਿ ਫੁਕਰਿਆਂ ਦੀ ਗੱਲ ਕਰਦੇ ਹਾਂ।

ਵੈਸੇ ਫੁਕਰਾ ਕੌਣ ਹੁੰਦਾ ਹੈ? ਅਸਲ ਵਿੱਚ ਫ਼ੁਕਰੇ ਬਾਹ਼ਲੇ ਈ ਡੰਡਪਾਊ ,ਵਿਖਾਵਾ ਕਰ ਕਰ ਕੇ ਆਪਣੇ ਆਪ ਨੂੰ ਮਹਾਨ,ਵੱਡੇ , ਅਮੀਰ, ਚੰਗੇ ਜਾਂ ਇਉਂ ਸਮਝ ਲਓ ਕਿ ਸਰਬ ਗੁਣਾਂ ਦੀ ਪੋਟਲੀ ਹੋਣ ਦੀ ਡੌਂਡੀ ਪਿੱਟਣ ਵਾਲੇ ਕਮੀਨੇ ਲੋਕ ਹੁੰਦੇ ਹਨ। ਇਸ ਕਿਸਮ ਦੇ ਲੋਕ ਸਾਡੇ ਸਮਾਜਿਕ, ਧਾਰਮਿਕ, ਰਾਜਨੀਤਕ ਤੇ ਸੱਭਿਆਚਾਰਕ ਖੇਤਰਾਂ ਵਿੱਚ ਆਮ ਹੀ ਵੇਖਣ ਨੂੰ ਮਿਲ ਜਾਂਦੇ ਹਨ।

ਇੱਕ ਵਾਰੀ ਦੀ ਗੱਲ ਆ ਕਿ ਸਾਡੇ ਜਾਣ ਪਛਾਣ ਚੋਂ ਇੱਕ ਕੁੜੀ ਮਿਲ਼ੀ,ਓਹਦਾ ਇੱਕ ਫੌਜੀ ਮੁੰਡੇ ਨਾਲ ਨਵਾਂ ਨਵਾਂ ਵਿਆਹ ਹੋਇਆ ਸੀ। ਮੈਂ ਉਸ ਨੂੰ ਪੁੱਛ ਲਿਆ ਕਿ ਪਤੀ ਫੌਜ ਵਿੱਚ ਕੀ ਕਰਦਾ ਹੈ ਤੇ ਕਿੰਨੇ ਚਿਰ ਬਾਅਦ ਗੇੜਾ ਮਾਰ ਲੈਂਦਾ ਹੈ, ਬੱਸ ਫੇਰ ਕੀ ਸੀ ਉਹਦੀਆਂ ਗੱਲਾਂ ਸੁਣ ਸੁਣ ਕੇ ਆਏਂ ਲੱਗੇ ਬਈ ਜਿਵੇਂ ਭਾਰਤ ਦੀ ਸਾਰੀ ਫੌਜ ਓਹਦੇ ਆਦਮੀ ਦੇ ਸਿਰ ਤੇ ਈ ਚੱਲਦੀ ਹੈ,ਆਖਣ ਲੱਗੀ,"ਇਹ (ਉਸ ਦਾ ਪਤੀ) ਤਾਂ ਰੋਜ਼ ਬਾਰਡਰ ਟੱਪ ਕੇ ਗੁਆਂਢੀ ਮੁਲਕ ਜਾਂਦੇ ਹਨ,ਤੇ ਰਾਤ ਨੂੰ ਉਹਨਾਂ ਦਾ ਭੇਤ ਲੈ ਕੇ ਮੁੜਦੇ ਨੇ, ਇਹਨਾਂ ਦੀ ਸਲਾਹ ਬਿਨਾਂ ਆਰਮੀ ਵਾਲੇ ਕੁਛ ਨੀ ਕਰਦੇ। ਇਹ ਓਧਰੋਂ ਸਿਗਨਲ ਮਾਰ ਮਾਰ ਕੇ ਦੱਸ ਦੇ ਆ ਕਿ ਕਿੱਥੇ ਕੀ ਹੁੰਦਾ,ਬਾਰਡਰ ਦੀ ਸਾਰੀ ਆਰਮੀ ਇੰਨ੍ਹਾਂ ਦੇ ਸਿਰ ਤੇ ਈ ਚੱਲਦੀ ਆ,ਇਸ ਲਈ ਛੁੱਟੀ ਬਹੁਤ ਔਖੀ ਮਿਲਦੀ ਹੈ।"ਮੇਰੀ ਤਾਂ ਉਸ ਤੋਂ ਅੱਗੇ ਕੁਛ ਪੁੱਛਣ ਦੀ ਹਿੰਮਤ ਹੀ ਨਾ ਪਈ।

ਇਸ ਕਿਸਮ ਦੇ ਫ਼ੁਕਰੇ ਸਾਡੇ ਸਮਾਜ ਨਾ਼ਲ ਸਬੰਧ ਰੱਖਦੇ ਹਨ। ਬਹੁਤ ਲੋਕਾਂ ਕੋਲ ਭਾਵੇਂ ਸਾਈਕਲ ਲੈਣ ਦੀ ਹਿੰਮਤ ਨਾ ਹੋਵੇ ਪਰ ਜੇ ਕਿਸੇ ਦੀ ਕੋਈ ਨਵੀਂ ਚੀਜ਼ ਦੇਖਣ ਲੱਗਣ ਤਾਂ ਆਪਣੇ ਬਾਰੇ ਵਧਾ ਚੜ੍ਹਾ ਕੇ ਉਸ ਤੋਂ ਵੀ ਮਹਿੰਗੀ ਚੀਜ਼ ਦਾ ਨਾਂ ਲੈ ਲੈ ਕੇ ਆਖਣਗੇ ਕਿ ਅਸੀਂ ਵੀ ਲੈਣ ਲੱਗੇ ਸੀ ਬੱਸ ਐਵੇਂ ਸਾਡੇ ਫਲਾਣੇ ਨੂੰ ਪਸੰਦ ਨੀ ਆਈ ਤਾਂ ਫਿਰ ਅਸੀਂ ਲਈ ਨੀ।

ਸਮਾਜ ਵਿੱਚ ਫੁਕਰਿਆਂ ਦੀ ਗਿਣਤੀ ਵਧਦੀ ਹੀ ਜਾ ਰਹੀ ਹੈ।ਲੋਕ ਅਸਲੀਅਤ ਤੋਂ ਦੂਰ ਭੱਜਦੇ ਬਨਾਵਟੀ ਜ਼ਿੰਦਗੀ ਵਿੱਚ ਜ਼ਿਆਦਾ ਦਿਲਚਸਪੀ ਲੈਣ ਲੱਗ ਪਏ ਹਨ। ਇੱਕ ਹੋਰ ਮੀਆਂ ਬੀਵੀ ਦੀ ਗੱਲ ਦੱਸਦੀ ਹਾਂ। ਉਹਨਾਂ ਨੇ ਸੋਸ਼ਲ ਮੀਡੀਆ ਤੇ ਯੂਟਿਊਬ ਤੇ ਆਪਣੇ ਆਪ ਨੂੰ ਲੋਕਾਂ ਵਿੱਚ ਇਸ ਤਰ੍ਹਾਂ ਪੇਸ਼ ਕੀਤਾ ਹੋਇਆ ਹੈ ਕਿ ਉਹ ਬਹੁਤ ਘੁੰਮਣ ਫਿਰਨ ਵਾਲੇ, ਬਹੁਤ ਅਮੀਰ ਲੋਕ ਹਨ। ਬਹੁਤ ਲੋਕ ਮਗਰ ਲਾਏ ਹੋਏ ਹਨ। ਜਦ ਉਨ੍ਹਾਂ ਦੀ ਅਸਲੀਅਤ ਜ਼ਿੰਦਗੀ ਸਾਹਮਣੇ ਆਈ ਤਾਂ ਪਤਾ ਲੱਗਿਆ ਉਹ ਲੋਕਾਂ ਤੋਂ ਉਧਾਰ ਫ਼ੜ ਫ਼ੜ ਕੇ ਇਹ ਸਭ ਵਿਖਾਵੇ ਦੇ ਕੰਮ ਕਰ ਰਹੇ ਹਨ ਉਨ੍ਹਾਂ ਸਿਰ ਕਈ ਲੱਖਾਂ ਦਾ ਕਰਜ਼ਾ ਹੈ। ਕਈ ਵਾਰ ਉਹਨਾਂ ਦਾ ਬਿਜਲੀ ਦਾ ਬਿੱਲ ਨਾ ਭਰਨ ਕਾਰਨ ਕੁਨੈਕਸ਼ਨ ਕੱਟਿਆ ਗਿਆ ਹੈ।ਫੋਕੀ ਸ਼ੋਹਰਤ ਲਈ ਜਿਸ ਨਵੇਂ ਬੰਦੇ ਕੋਲ ਬੈਠਦੇ ਹਨ ਉਹਨਾਂ ਨੂੰ ਕਰੋੜਾਂ ਦੀਆਂ ਫੁਕਰੀਆਂ ਗੱਲਾਂ ਨਾਲ ਪ੍ਰਭਾਵਿਤ ਕਰਕੇ ਦੋ ਚਾਰ ਲੱਖ ਦੇ ਥੱਲੇ ਲਾ ਦਿੰਦੇ ਹਨ। ਮਗਰੋਂ ਕੀਹਦੀ ਮਾਂ ਨੂੰ ਮਾਸੀ ਆਖਣਾ?

ਸਾਡੇ ਸਮਾਜ ਵਿੱਚ ਕਈ ਫ਼ੁਕਰੇ ਬਹੁਤ ਮਹਿੰਗੇ ਤੋਂ ਮਹਿੰਗੇ ਕੱਪੜੇ ਪਾ ਕੇ ਫਿਰ ਚਾਰ ਲੋਕਾਂ ਵਿੱਚ ਖੜ੍ਹ ਜਾਣ ਜਾਂ ਕਿਸੇ ਰਿਸ਼ਤੇਦਾਰੀ ਵਿੱਚ ਚਲੇ ਜਾਣ,ਫੁਕਰੀ ਸ਼ੁਰੂ ਹੋਣ ਲੱਗੇ ਦੇਰ ਨੀ ਲੱਗਦੀ, ਆਪਣੇ ਕੱਪੜਿਆਂ ਦੀ ਗੱਲ ਸ਼ੁਰੂ ਕਰਕੇ ਉਨ੍ਹਾਂ ਦੀ ਕੀਮਤ ਦੱਸੇ ਬਿਨਾਂ ਕਿੱਥੇ ਚੈਨ ਮਿਲਦੀ ਹੈ।

ਕਈਆਂ ਵੱਲੋਂ ਗੱਡੀਆਂ ਦੀਆਂ ਗੱਲਾਂ ਕਰੀ ਜਾਣੀਆਂ, ਕਈਆਂ ਵੱਲੋਂ ਆਪਣੇ ਘਰ ਰੱਖੇ ਨੌਕਰਾਂ ਦੀਆਂ ਗੱਲਾਂ ਕਰੀ ਜਾਣਾ, ਰੁਤਬਿਆਂ ਦੀਆਂ ਗੱਲਾਂ ਕਰਨਾ, ਹੋਰ ਤਾਂ ਹੋਰ ਅੱਜ ਕੱਲ੍ਹ ਆਪਣੇ ਸ਼ਕਲ ਸੂਰਤ ਜਾਂ ਉਮਰ ਨੂੰ ਲੈਕੇ ਫੁਕਰੀਆਂ ਮਾਰਨਾ ਆਮ ਜਿਹੀ ਗੱਲ ਹੁੰਦੀ ਜਾ ਰਹੀ ਹੈ। ਕਈ ਫੁਕਰੇ ਤਾਂ ਆਪਣੇ ਆਪ ਨੂੰ ਮੋਹਤਬਰਪੁਣੇ ਦਾ ਦਿਖਾਵਾ ਕਰਨ ਲਈ ਅੱਠ ਦਸ ਚਮਚਿਆਂ ਨੂੰ ਦੋ ਤਿੰਨ ਗੱਡੀਆਂ ਵਿੱਚ ਬਿਠਾਏ ਬਿਨਾਂ ਕਿਤੇ ਤੁਰਦੇ ਈ ਨਹੀਂ,ਚਾਹੇ ਗਾਹਾਂ ਵਾਲਿਆਂ ਦਾ ਕੂੰਡਾ ਹੋ ਜਾਵੇ। ਕਿਸੇ ਦਾ ਧੇਲੇ ਦਾ ਕੰਮ ਨਾ ਕਰਨ ਵਾਲੇ ਮੋਢੀ ਬਣੇ ਫਿਰਦੇ ਹਨ, ਕਾਬਲੀਅਤਖੁਣੇ ਲੋਕ ਫੁਕਰੀਆਂ ਦੇ ਸਿਰ ਤੇ ਮਾਹਿਰਾਂ ਦੀਆਂ ਸੂਚੀਆਂ ਵਿੱਚ ਨਾਂ ਲਿਖਵਾਈ ਫਿਰਨਗੇ। ਸਾਡੇ ਸਮਾਜ ਵਿੱਚ ਫੁਕਰੀਆਂ ਮਾਰ ਮਾਰ ਕੇ ਗੱਲਾਂ ਦਾ ਕੜਾਹ ਬਣਾਉਣ ਵਾਲੇ ਲੋਕਾਂ ਦੀ ਗਿਣਤੀ ਬਹੁਤ ਹੈ।

ਇਸੇ ਤਰ੍ਹਾਂ ਧਾਰਮਿਕ ਖੇਤਰਾਂ ਵਿੱਚ ਸੱਚੇ ਸੁੱਚੇ ਮਾਰਗ ਦਰਸ਼ਕ ਬਹੁਤ ਘੱਟ ਮਿਲਣਗੇ,ਇਸ ਤੋਂ ਉਲਟ ਐਸ਼ੋ ਇਸ਼ਰਤ ਦਾ ਜੀਵਨ ਬਤੀਤ ਕਰਨ ਵਾਲੇ, ਬਹੁਤੀਆਂ ਗੱਲਾਂ ਮਾਰਨ ਵਾਲੇ, ਆਪਣੀ ਵਡਿਆਈ ਦੇ ਗੀਤ ਗਾਉਣ ਵਾਲੇ ਤੇ ਦੂਜਿਆਂ ਦਾ ਭੰਡੀ ਪ੍ਰਚਾਰ ਕਰ ਕਰ ਕੇ ਲੋਕਾਂ ਨੂੰ ਆਪਣੀਆਂ ਫੁਕਰੀਆਂ ਗੱਲਾਂ ਨਾਲ ਪ੍ਰਭਾਵਿਤ ਕਰਨ ਵਾਲੇ ਬਹੁਤੇ ਮਿਲਦੇ ਹਨ। ਰਾਜਨੀਤਕ ਫੁਕਰਿਆਂ ਦੀ ਤਾਂ ਗੱਲ ਹੀ ਛੱਡੋ,ਉਹ ਦੱਸਦੇ ਕੁਝ ਹਨ ਤੇ ਕਰਦੇ ਕੁਝ ਹਨ।

ਸਭਿਆਚਾਰਕ ਖੇਤਰ ਵਿੱਚ ਵੀ ਫੁਕਰਿਆਂ ਨੇ ਕਮੀ ਨਹੀਂ ਛੱਡੀ ਉਸ ਵਿੱਚ ਵੀ ਸਭਿਆਚਾਰ ਦਾ ਊੜਾ ਆੜਾ ਨਾ ਜਾਨਣ ਵਾਲੇ ਲੋਕ ਸਭਿਆਚਾਰ ਦੇ ਰਖਵਾਲੇ ਬਣੇ ਫਿਰਦੇ ਹਨ।ਇਹ ਸਭ ਫੁਕਰੀਆਂ ਮਾਰ ਕੇ ਹੀ ਉੱਪਰ ਤੱਕ ਪਹੁੰਚਣ ਦਾ ਮਾਧਿਅਮ ਹੈ। ਇਸ ਤਰ੍ਹਾਂ ਕਈ ਵਾਰ ਹਮਾਤੜ - ਤਮਾਹਤੜ ਫ਼ੁਕਰੇ ਨਾ ਹੁੰਦੇ ਹੋਏ ਵੀ ਕਿਤੇ ਨਾ ਕਿਤੇ ਗ਼ਲਤੀ ਵਸ ਮਾੜੀ ਮੋਟੀ ਫੁਕਰੀ ਮਾਰ ਹੀ ਬੈਠਦੇ ਹਨ।ਪਰ ਫਿਰ ਵੀ ਫੁਕਰਿਆਂ ਦੀਆਂ ਫੁਕਰੀਆਂ ਗੱਲਾਂ ਨਾਲ ਮਨੋਰੰਜਨ ਤਾਂ ਕਰ ਲੈਣਾ ਚਾਹੀਦਾ ਹੈ ਪਰ ਫ਼ੁਕਰੇ ਬਣਨ ਦੀ ਕੋਸ਼ਿਸ਼ ਨਹੀਂ ਕਰਨੀ ਚਾਹੀਦੀ।






# PAL FILMS & PHOTO BOOKS

*All Your Photo/Videography & Post Production needs Under One Roof*




Music Video | Pre Shoots | Weddings | Birthdays | Graduations
Stage Shows Or Any Kind Of Events | Customize Photobooks (upto 6 feet)
Video Editing VFX/DI/CC & Much More....

*Full Photo & Videography studio with Green Screen Blue Screen*

**PH: 925 489 3400, 341 356 1517**

Email: palfilms@yahoo.com, palfilms925@gmail.com, www.palfilms.com

**4007 Railroad Ave**
**Pittsburgh, CA 94565**

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

**AUTO · HOME · TRUCK · BUSINESS · LIFE · MEDICAL**

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us




Capital
DRUG TESTING

# CAPITAL DRUG TESTING

## Drug and Alcohol Test

## DOT / NON DOT

**PRE EMPLOYMENT - RANDOM**
**POST ACCIDENT - REASONABLE SUSPICION**

**Services: DOT Random Prog., FMCSA Clearinghouse, DOT Supervisor Training, SAP Classes Etc.**

**Lab. Ph:(916) 680-9293**

6624 Florin Road
Sacramento CA, 95828

Email: capitaldrugtest@gmail.com
Website: www.capitaldrugtest.com




web -www.globaltruckpermits.com
email -info@globaltruckpermits.com
ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਕੈਲੇਫੋਰਨੀਆ ਅੰਦਰ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
"ਸਾਡਾ ਇਸ ਕੰਮ ਵਿਚ 18 ਸਾਲ ਦਾ ਤਜਰਬਾ ਹੈ"
ਰਾਜਿੰਦਰ ਟਾਂਡਾ
Cell : (510) 557-6988 | Ph : 209-636-0880
Address: 159 Darcy Pkwy Lathrop CA 95330

# ਛੁੱਟੀਆਂ



ਇੱਕ ਮਹੀਨੇ ਦੀਆਂ ਛੁੱਟੀਆਂ ਆਈਆਂ,
ਸਾਰੇ ਆਪਣੇ ਨਾਨਕੇ, ਮਾਸੀ, ਭੂਆ ਕੋਲ ਜਾਵਾਂਗੇ,
ਛੁੱਟੀਆਂ ਤੋਂ ਬਾਅਦ ਅਸੀਂ ਫਿਰ ਸਕੂਲ ਆਵਾਂਗੇ,
ਛੁੱਟੀਆਂ ਆਈਆਂ-ਛੁੱਟੀਆਂ ਆਈਆਂ,
ਇੱਕ ਮਹੀਨੇ ਦੀਆਂ ਛੁੱਟੀਆਂ ਆਈਆਂ,
ਬੱਚਿਆਂ ਲਈ ਰੌਣਕਾਂ ਲਿਆਈਆਂ।
ਛੁੱਟੀਆਂ ਆਈਆਂ-ਛੁੱਟੀਆਂ ਆਈਆਂ,



**ਰੁਪਿੰਦਰ ਸਿੰਘ, ਜਮਾਤ - ਪੰਜਵੀਂ**
**ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ, ਗੰਭੀਰਪੁਰ ਲੋਅਰ, ਜਿਲ੍ਹਾ ਰੂਪਨਗਰ,**
**ਗਾਈਡ ਅਧਿਆਪਕ**
**ਮਾਸਟਰ ਸੰਜੀਵ ਧਰਮਾਣੀ**
**9478561356**

# ਹਕੀਕਤ

*-ਆਪਣੀ ਜ਼ਿੰਦਗੀ ਦਾ ਮਕਸਦ ਕੀ ਹੈ?
*-ਆਪਾਂ ਸਮੁੰਦਰ ਦੀਆਂ ਲਹਿਰਾਂ ਚ ਆਪਣੇ ਆਪ ਨੂੰ ਢਿੱਲੇ ਛੱਡ ਕੇ ਜ਼ਿੰਦਗੀ ਨੂੰ ਖਤਮ ਨਹੀਂ ਕਰਨਾ।
*-ਆਪਾਂ ਜ਼ਿੰਦਗੀ ਚ ਤੂਫਾਨਾਂ ਦੇ ਮੂੰਹ ਮੋੜਨੇ ਹਨ ਤੇ ਕਿਨਾਰੇ ਤੇ ਪਹੁੰਚਣਾ ਹੈ।
*-ਆਪਾਂ ਜ਼ਿੰਦਗੀ ਚ ਪਹਾੜਾਂ ਨੂੰ ਕੱਟਣਾ ਹੈ ਤੇ ਮੰਜ਼ਿਲ ਤੇ ਪਹੁੰਚਣਾ ਹੈ।
*-ਸੱਚ ਕਹਾਂ ਤਾਂ ਭਾਂਬੜ ਬਲਦਾ, ਚੁੱਪ ਰਹਾਂ ਤਾਂ ਸ਼ਬਦਾਂ ਦਾ ਦਮ ਘੁੱਟਦਾ ਹੈ।
*-ਹਥਿਆਰ ਤੇ ਵਿਚਾਰ ਕਦੇ ਵੱਖ ਨਹੀਂ ਹੋ ਸਕਦੇ।
*-ਹਥਿਆਰ ਚਲਦਾ ਹੀ ਵਿਚਾਰ ਦੇ ਨਾਲ ਹੈ।
*-ਵਿਚਾਰ ਤੋਂ ਬਿਨਾਂ ਹਥਿਆਰ ਘਾਤਕ ਸਿੱਧ ਹੋ ਜਾਂਦਾ ਹੈ।
*-ਬੰਦੂਕ, ਵਿਚਾਰ ਦੀ ਰਾਖੀ ਕਰਦੀ ਹੈ।
*-ਕਿਤਾਬ ਚੁੱਕਣ ਲਈ ਤੇ ਪੜ੍ਹਨ ਲਈ ਬੰਦੂਕ ਸੁੱਟਣੀ ਨਹੀਂ ਪੈਂਦੀ।
*-ਜਦੋਂ ਵੀ ਵਿਚਾਰ ਨਾਲ ਬੰਦੂਕ ਚੱਲੇਗੀ ਕਦੇ ਵੀ ਘਾਤਕ ਨਹੀਂ ਬਣੇਗੀ।
*-ਇੱਕਲੇ ਆਏ ਹਾਂ, ਇੱਕਲੇ ਹੀ ਜਾਣਾ ਹੈ, ਇਹ ਸੋਚ ਕੇ ਆਪਣਾ ਜੀਵਨ ਵਿਅਰਥ ਨਹੀਂ ਗੁਆਉਣਾ। ਆਪਾਂ ਇਥੇ ਰਲ ਮਿਲ ਕੇ ਰਹਿਣਾ ਤੇ ਜਿਉਣਾ ਹੈ।
*-ਜਿੰਦਗੀ ਦੇ ਪੈਂਡੇ ਉੱਭੜ ਖਾਬੜ ਹਨ ਆਪਾਂ ਉੱਬੜ ਖਾਬੜ ਜ਼ਮੀਨ ਨੂੰ ਪੱਧਰਾ ਕਰਨਾ ਹੈ।
*-ਜ਼ਿੰਦਗੀ ਦੇ ਰਸਤੇ ਵਿੱਚ ਕੰਡੇ ਹਨ, ਗੰਦਗੀ ਹੈ। ਆਪਾਂ ਇਹਨਾਂ ਨੂੰ ਸਾਫ ਕਰਕੇ ਸਰਬਤ ਦੇ ਭਲੇ ਲਈ ਫੁੱਲ ਉਗਾਉਣੇ ਹਨ।
*-ਸਮਾਜ ਚ ਕੂੜ ਕੁਸੱਤ ਦਾ ਬੋਲਬਾਲਾ ਹੈ, ਸ਼ਰੀਫ ਆਦਮੀ ਦੀ ਜਿੰਦਗੀ ਬਹੁਤ ਮੁਸ਼ਕਲ ਚ ਹੈ।
*-ਆਪਾਂ ਹਿੰਮਤ ਨਹੀਂ ਹਾਰਨੀ, ਗਲਤ ਕੀਮਤਾਂ ਖਿਲਾਫ ਇੱਕਠੇ ਹੋ ਕੇ ਜੰਗ ਜਾਰੀ ਰੱਖਣੀ ਹੈ।



**Paramjit Singh Sekhon (Dakha)**
President, Dal Khalsa Alliance
1700 Shattuck Ave, # 303 Berkeley CA 94709. (510)774 5909.
A Nonprofit Organization Dedicated to Public Awareness

LARRY T. NIERMEYER
Attorney at Law



OFFERING SERVICES IN THE FOLLOWING AREAS

1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation





PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com


WE HAVE THE CHEAPEST FARES TO INDIA
LEGEND TRAVEL
arc
accredited agency
CST # 207524-40
Special Fares To India From West-coast (us) On Air India Direct Flights
AIR INDIA
JATINDER SINGH
LOWEST AIRFARES FROM USA TO INDIA
★Travel Insurance ★ Great last Minute Deals★ Offices in India
ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।
CALL US
(510) 797-9010
USA OFFICE: 2450 PERALTA BLVD., STE 106-108,
FREMONT CA 94536 PH.: 510-797-9010
Website: www.legendamerica.net
Emirates
CATHAY PACIFIC
ASIANA AIRLINES
JET AIRWAYS
CHINA AIRLINES
BRITISH AIRWAYS
SINGAPORE AIRLINES
Lufthansa
ANA

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ–ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ–ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ

e-Baba Entertainment App ਨੂੰ Download ਕਰੋ।




ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।



ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ

# ਜੀਵਤ ਸੰਸਾਰ ਨੂੰ ਕਿਵੇਂ ਬਚਾਇਆ ਜਾਵੇ

ਗਲੋਬਲ ਤਾਪਮਾਨ ਵਿੱਚ ਲਗਾਤਾਰ ਵਾਧਾ ਵਾਤਾਵਰਣ ਪ੍ਰਤੀ ਮਨੁੱਖਤਾ ਦੀ ਅਣਦੇਖੀ ਦਾ ਇੱਕ ਤਿੱਖਾ ਪੋਰਟਰੇਟ ਪੇਂਟ ਕਰਦਾ ਹੈ, ਗ੍ਰਹਿ ਦੇ ਭਵਿੱਖ ਲਈ ਇੱਕ ਗੰਭੀਰ ਚੇਤਾਵਨੀ ਗੂੰਜਦਾ ਹੈ ਲੋਕਾਂ ਦੀ ਅਗਿਆਨਤਾ ਅਤੇ ਲਾਪਰਵਾਹੀ ਕਾਰਨ ਦੁਨੀਆ ਦਾ ਤਾਪਮਾਨ ਦਿਨੋ-ਦਿਨ ਵੱਧ ਰਿਹਾ ਹੈ। ਵਧਦੇ ਤਾਪਮਾਨ ਦੀ ਸਮੱਸਿਆ ਪੂਰੀ ਦੁਨੀਆ 'ਚ ਦੇਖਣ ਨੂੰ ਮਿਲ ਰਹੀ ਹੈ। ਸੰਸਾਰ ਦਾ ਜਲਵਾਯੂ ਦਿਨ ਪ੍ਰਤੀ ਦਿਨ ਬਦਲਦਾ ਹੈ। ਵਧਦਾ ਤਾਪਮਾਨ ਜੀਵਤ ਸੰਸਾਰ ਲਈ ਖ਼ਤਰੇ ਦੀ ਘੰਟੀ ਹੈ। ਜੇਕਰ ਅਸੀਂ ਜਾਗਰੂਕ ਨਾ ਹੋਏ ਤਾਂ ਆਉਣ ਵਾਲੇ ਸਮੇਂ ਦੀਆਂ ਸਮੱਸਿਆਵਾਂ ਨਾਲ ਨਜਿੱਠਣ ਦੇ ਯੋਗ ਨਹੀਂ ਹੋਵਾਂਗੇ. ਸਾਰੇ ਜੀਵਾਂ ਨੂੰ ਜਿਉਂਦੇ ਰਹਿਣ ਲਈ ਪਾਣੀ, ਹਵਾ ਅਤੇ ਗਰਮੀ ਦੀ ਲੋੜ ਹੁੰਦੀ ਹੈ।

ਪਾਣੀ ਅਤੇ ਹਵਾ ਦੀ ਗੁਣਵੱਤਾ ਅਤੇ ਮਾਤਰਾ ਵਿੱਚ ਬਦਲਾਅ ਅਣਗਿਣਤ ਸਮੱਸਿਆਵਾਂ ਨੂੰ ਜਨਮ ਦੇਵੇਗਾ। ਜਦੋਂ ਵਾਯੂਮੰਡਲ ਜਾਂ ਜਲਵਾਯੂ ਬਦਲਦਾ ਹੈ ਤਾਂ ਤਬਦੀਲੀਆਂ ਜੀਵਤ ਸੰਸਾਰ ਵਿੱਚ ਵੀ ਦਿਖਾਈ ਦਿੰਦੀਆਂ ਹਨ, ਜਿਵੇਂ ਕਿ ਅਸੀਂ ਹੁਣ ਵੇਖ ਰਹੇ ਹਾਂ। ਮਾਰੂਥਲ ਦਾ ਬਾਇਓਮ ਆਈਸਲੈਂਡ ਦੇ ਬਾਇਓਮ ਤੋਂ ਵੱਖਰਾ ਹੈ। ਆਸਟ੍ਰੇਲੀਆ ਵਿੱਚ ਅਸੀਂ ਇਸਦੇ ਰਾਸ਼ਟਰੀ ਜਾਨਵਰ ਕੰਗਾਰੂ ਨੂੰ ਦੇਖ ਸਕਦੇ ਹਾਂ, ਆਈਸਲੈਂਡ ਵਿੱਚ ਅਸੀਂ ਪੋਲਰ ਰਿੱਛ ਅਤੇ ਪੇਂਗੁਇਨ ਦੇਖ ਸਕਦੇ ਹਾਂ। ਫਲ, ਸਬਜ਼ੀਆਂ, ਫੁੱਲ ਅਤੇ ਜੰਗਲ ਵੀ ਜਲਵਾਯੂ ਪਰਿਵਰਤਨ ਕਾਰਨ ਵੱਖ-ਵੱਖ ਹੁੰਦੇ ਹਨ। ਜਦੋਂ ਧਰਤੀ ਦਾ ਤਾਪਮਾਨ ਵਧ ਰਿਹਾ ਹੈ, ਇਹ ਸਭ ਲਈ ਵੱਡਾ ਖਤਰਾ ਹੈ। ਅਸੀਂ ਨਹੀਂ ਜਾਣਦੇ ਕਿ ਸਾਨੂੰ ਕੱਲ੍ਹ ਨੂੰ ਉਹੀ ਫਲ ਅਤੇ ਸਬਜ਼ੀਆਂ ਮਿਲਣਗੀਆਂ ਜੋ ਸਾਨੂੰ ਹੁਣ ਮਿਲਦੀਆਂ ਹਨ। ਅੱਜ ਜਿਹੜੇ ਜਾਨਵਰ, ਪੰਛੀ ਜਾਂ ਕੀੜੇ-ਮਕੌੜੇ ਅਸੀਂ ਆਪਣੇ ਆਲੇ-ਦੁਆਲੇ ਦੇਖਦੇ ਹਾਂ, ਕੀ ਉਹ ਅਲੋਪ ਹੋ ਜਾਣਗੇ ਜਾਂ ਬਚ ਜਾਣਗੇ, ਸਾਨੂੰ ਨਹੀਂ ਪਤਾ। ਸਾਡੇ ਕੋਲ ਜੀਵਾਂ ਬਾਰੇ ਕੋਈ ਜਾਣਕਾਰੀ ਨਹੀਂ ਹੈ, ਹਰ ਸਾਲ ਉਨ੍ਹਾਂ ਦੀਆਂ ਕਿੰਨੀਆਂ ਕਿਸਮਾਂ ਪਹਿਲਾਂ ਹੀ ਅਲੋਪ ਹੋ ਚੁੱਕੀਆਂ ਹਨ, ਪਤਾ ਨਹੀਂ ਸ਼ੱਕ ਇਹ ਸਾਡੇ ਜੀਵਨ ਨੂੰ ਖੁਸ਼ਹਾਲ ਬਣਾਉਂਦੇ ਹਨ।

ਅਸੀਂ ਇਸ ਗੱਲ ਦਾ ਲੇਖਾ-ਜੋਖਾ ਨਹੀਂ ਕਰਦੇ ਕਿ ਉਨ੍ਹਾਂ ਦੇ ਗਾਇਬ ਹੋਣ ਤੋਂ ਬਾਅਦ ਸਾਡੀਆਂ ਜ਼ਿੰਦਗੀਆਂ 'ਤੇ ਕਿੰਨਾ ਅਸਰ ਪਿਆ ਹੈ। ਜੇਕਰ ਸਾਡਾ ਬਾਹਰੀ ਪ੍ਰਭਾਵ ਹੁੰਦਾ ਹੈ ਤਾਂ ਸਾਡਾ ਅੰਦਰ ਵੀ ਪ੍ਰਭਾਵਿਤ ਹੁੰਦਾ ਹੈ। ਇਹ ਵਿਚਾਰਨ ਯੋਗ ਹੈ। ਅਸੀਂ ਆਪਣੇ ਲਾਲਚ ਕਾਰਨ ਆਪਣੇ ਵਾਤਾਵਰਨ ਨੂੰ ਤਬਾਹ ਕਰ ਰਹੇ ਹਾਂ। ਅੱਜ ਇਨਸਾਨਾਂ ਵਿੱਚ ਅਣਮਨੁੱਖੀਤਾ ਦੇਖਣ ਨੂੰ ਮਿਲਦੀ ਹੈ। ਗਲੋਬਲ ਤਾਪਮਾਨ ਵਧਣ ਦੇ ਦੋ ਕਾਰਨ ਹਨ, ਇੱਕ ਮਨੁੱਖ ਦੁਆਰਾ ਬਣਾਇਆ ਗਿਆ ਅਤੇ ਦੂਜਾ ਕੁਦਰਤੀ ਹੈ। ਮਨੁੱਖ ਦੁਆਰਾ ਬਣਾਏ ਕਾਰਨ ਹਨ ਜੰਗਲਾਂ ਦੀ ਕਟਾਈ, ਰੁੱਖਾਂ ਦੀ ਕਟਾਈ, ਵਾਹਨਾਂ ਦੀ ਵਰਤੋਂ ਅਤੇ ਜੈਵਿਕ ਈਂਧਨ ਦੀ ਬਹੁਤ ਜ਼ਿਆਦਾ ਵਰਤੋਂ। ਕੁਦਰਤੀ ਕਾਰਨ ਜਿੱਥੇ ਭੂਚਾਲ, ਤੂਫਾਨ, ਜੰਗਲਾਂ ਦੀ ਅੱਗ, ਗੈਸ ਦੁਰਘਟਨਾਵਾਂ ਕੋਲਾ ਜਲਾਉਣਾ ਆਦਿ ਹਨ, ਉੱਥੇ ਗਲੋਬਲ ਵਾਰਮਿੰਗ ਦਾ ਮੁੱਖ ਕਾਰਨ ਗ੍ਰੀਨਹਾਊਸ ਪ੍ਰਭਾਵ ਹੈ। ਗ੍ਰੀਨਹਾਉਸ ਰੁੱਖਾਂ ਨੂੰ ਰੱਖਣ ਲਈ ਕੱਚ ਦਾ ਘਰ ਹੁੰਦਾ ਹੈ, ਜੋ ਸ਼ੀਸ਼ੇ ਦੇ ਘਰ ਤੋਂ ਗਰਮੀ ਨੂੰ ਦੂਰ ਨਹੀਂ ਜਾਣ ਦਿੰਦਾ।

ਇਸ ਦੀ ਵਰਤੋਂ ਰੁੱਖਾਂ ਨੂੰ ਬਚਾਉਣ ਲਈ ਕੀਤੀ ਜਾਂਦੀ ਹੈ। ਕਾਰਬਨ ਡਾਈਆਕਸਾਈਡ ਅਤੇ ਮੀਥੇਨ ਗੈਸ ਦੇ ਵਧਣ ਨਾਲ ਗ੍ਰੀਨਹਾਊਸ ਪ੍ਰਭਾਵ ਦੇਖਿਆ ਜਾਂਦਾ ਹੈ। ਜਦੋਂ ਤਾਪਮਾਨ ਇੱਕ ਡਿਗਰੀ ਵੱਧ ਜਾਂਦਾ ਹੈ, ਤਾਂ ਇਹ ਸਾਡੇ ਵਾਤਾਵਰਣ ਨੂੰ ਬਹੁਤ ਪ੍ਰਭਾਵਿਤ ਕਰਦਾ ਹੈ। ਧਰਤੀ ਦੇ ਦੱਖਣੀ ਧਰੁਵ ਅਤੇ ਉੱਤਰੀ ਧਰੁਵ ਵਿੱਚ ਜਮ੍ਹਾ ਹੋਈ ਬਰਫ਼ ਪਿਘਲਣੀ ਸ਼ੁਰੂ ਹੋ ਗਈ ਹੈ। ਭਾਰਤ ਦੇ ਹਿਮਾਲਿਆ ਵਿਚਲੇ ਗਲੇਸ਼ੀਅਰ ਵੀ ਪਿਘਲਣ ਲੱਗੇ ਹਨ ਅਤੇ ਇਨ੍ਹਾਂ ਗਲੇਸ਼ੀਅਰਾਂ ਦਾ ਪਾਣੀ ਗਲੇਸ਼ੀਅਰਾਂ ਵਿਚੋਂ ਨਿਕਲਣ ਵਾਲੀਆਂ ਨਦੀਆਂ ਵਿਚ ਹੜ੍ਹ ਦਾ ਕਾਰਨ ਬਣ ਰਿਹਾ ਹੈ। ਅੱਜ ਕੱਲ੍ਹ ਅਮਰਨਾਥ ਦਾ ਸ਼ਿਵ ਲਿੰਗ ਕੁਝ ਹੀ ਦਿਨਾਂ ਵਿੱਚ ਪਿਘਲ ਰਿਹਾ ਹੈ। ਭਵਿੱਖ ਵਿੱਚ ਗਰਮੀ ਵਧਣ ਨਾਲ ਨਦੀਆਂ ਵਿੱਚ ਹੜ੍ਹ ਆਉਣਗੇ ਅਤੇ ਉਹ ਹੜ੍ਹ ਦੇ ਪਾਣੀ ਨਾਲ ਸਮੁੰਦਰ ਵਿੱਚ ਰਲ ਜਾਣਗੇ। ਸੰਸਾਰ ਦੇ ਬਹੁਤ ਸਾਰੇ ਬੁੱਧੀਜੀਵੀ ਆਲਮੀ ਤਾਪਮਾਨ ਦੇ ਵਾਧੇ ਨੂੰ ਲੈ ਕੇ ਚਿੰਤਤ ਹਨ। ਇਨ੍ਹਾਂ ਸਮੱਸਿਆਵਾਂ ਦਾ ਹੱਲ ਸਿਰਫ ਰੁੱਖ ਲਗਾ ਕੇ ਹੀ ਹੈ, ਅਸੀਂ ਆਪਣੀ ਧਰਤੀ ਨੂੰ ਬਚਾਉਣ ਦਾ ਇੱਕੋ ਇੱਕ ਤਰੀਕਾ ਹੈ ਪੌਦੇ ਲਗਾ ਕੇ ਅਤੇ ਜੰਗਲ ਦੀ ਸੁਰੱਖਿਆ। ਰੁੱਖ ਸਾਨੂੰ ਆਕਸੀਜਨ ਦਿੰਦੇ ਹਨ ਅਤੇ ਵਾਯੂਮੰਡਲ ਵਿੱਚ ਕਾਰਬਨ ਦੀ ਮਾਤਰਾ ਨੂੰ ਘਟਾਉਂਦੇ ਹਨ। ਇਸ ਲਈ ਰੁੱਖ ਲਗਾਉਣਾ ਸਮੱਸਿਆ ਦਾ ਇੱਕੋ ਇੱਕ ਹੱਲ ਹੈ। ਰੁੱਖ ਲਗਾਉਣ ਦਾ ਪ੍ਰੋਗਰਾਮ ਨਿਯਮਿਤ ਤੌਰ 'ਤੇ ਚਲਾਇਆ ਜਾਵੇ। ਜਦੋਂ ਸਮੁੰਦਰੀ ਪਾਣੀ ਵੱਧਦਾ ਹੈ ਤਾਂ ਇਹ ਨੇੜਲੇ ਸ਼ਹਿਰਾਂ ਅਤੇ ਪਿੰਡਾਂ ਵਿੱਚ ਦਾਖਲ ਹੋ ਜਾਂਦਾ ਹੈ। ਭਾਗਵਤ ਦੇ ਬਾਰ੍ਹਵੇਂ ਸਕੰਦ ਦੇ ਚੌਥੇ ਅਧਿਆਇ ਵਿਚ ਪਰਲੋ ਜਾਂ ਪ੍ਰਲਯ ਦਾ ਵਰਣਨ ਹੈ ਜਿੱਥੇ ਪ੍ਰਿਥੀਬੀ ਦਾ ਮਾਮਲਾ ਗਰਮ ਹੋ ਜਾਂਦਾ ਹੈ ਅਤੇ ਹੜ੍ਹ ਦਾ ਕਾਰਨ ਬਣਦਾ ਹੈ ਜਾਂਪ੍ਰਲਯਾ ਇਹ ਵੀ ਕਿਹਾ ਜਾਂਦਾ ਹੈ ਕਿ ਸੂਰਜ ਦੀਆਂ ਕਿਰਨਾਂ ਜੀਵਤ ਸੰਸਾਰ ਨੂੰ ਤਬਾਹ ਕਰ ਦੇਣਗੀਆਂ। ਜੀਵਤ ਸੰਸਾਰ ਨੂੰ ਕਿਵੇਂ ਬਚਾਇਆ ਜਾਵੇ, ਵਿਦਿਅਕ ਸੰਸਥਾਵਾਂ ਵਿੱਚ ਸਾਡੇ ਅਧਿਐਨ ਦੇ ਕੋਰਸ ਦਾ ਮੁੱਖ ਵਿਸ਼ਾ ਹੋਣਾ ਚਾਹੀਦਾ ਹੈ। ਜਦੋਂ ਤੱਕ ਦੁਨੀਆ ਤਬਾਹੀ ਦੇ ਬੂਹੇ 'ਤੇ ਖੜੀ ਹੈ, ਸਾਨੂੰ ਨਫੇ-ਨੁਕਸਾਨ ਦੀ ਗਿਣਤੀ ਨਹੀਂ ਕਰਨੀ ਚਾਹੀਦੀ, ਸਗੋਂ ਸਮੂਹਿਕ ਵਿਕਾਸ ਅਤੇ ਸਮੂਹਿਕ ਸੁੱਖ-ਸ਼ਾਂਤੀ ਦਾ ਸੰਦੇਸ਼ ਦੇਣਾ ਚਾਹੀਦਾ ਹੈ। ਭਾਰਤ ਦੇ ਬੁੱਧੀਜੀਵੀ ਲੋਕਾਂ ਨੇ ਹਮੇਸ਼ਾ ਵਿਸ਼ਵ ਨੂੰ ਸ਼ਾਂਤੀ ਅਤੇ ਸਦਭਾਵਨਾ ਦਾ ਸੰਦੇਸ਼ ਦਿੱਤਾ। ਅੱਜ ਭਾਰਤ ਨੂੰ ਧਰਤੀ ਦੀ ਰੱਖਿਆ ਲਈ ਦੁਨੀਆ ਦਾ ਮਾਰਗ ਦਰਸ਼ਕ ਬਣਨ ਦਿਓ।



E-MAIL:SALES@ezeldsolutions.com

EZ ELD SOLUTIONS
LOGBOOKS MADE EASY



# TRACK YOUR TRUCK WITH

## EZ TRUCK SOLUTION

ਆਪਣੇ ਟਰੱਕ ਵਿਚ ELD DEVICE ਲਗਾਉਣ ਲਈ ਸਾਨੂੰ ਕਾਲ ਕਰੋ
ਅਸੀਂ ਤੁਹਾਡੇ ਨਾਲ ਪੰਜਾਬੀ ਵਿਚ ਗੱਲ-ਬਾਤ ਕਰ ਸਕਦੇ ਹਾਂ

FMCSA Complaint & Affordable


The Power of telematics in the palm of your hand
Compliance | Asset Tracking | Management

**$100** HARDWARE
ONE-TIME FEE




**$20** MONTHLY
SUBSCRIPTION

CRITICAL ENGINE DATA | Maintenance Entry | Tracking | Tire Pressure | Diagnostics | Refer temp



24/7 TECHNICAL SUPPORT IN
**ENGLISH,SPANISH AND PUNJABI.**

CALL NOW **+1 (800) 556-7105**

Official Address : 2301 W Belmont ave, Fresno, CA 93727


One Auto Repair
a1aurtorepair4@yahoo.com
ਏ ਵਨ ਆਟੋ ਰਿਪੇਅਰ ਸ਼ਾਪ
Tune up
Oil change
Transmission
Brakes
Engine
ਬ੍ਰੈਕ ਰਿਪੇਅਰ
ਆਇਲ ਬਦਲਣਾ
ਕਾਰਾਂ ਦੀ ਡਾਇਗਨੋਸਿਸ
ਟਿਊਨਅਪ
ਟ੍ਰਾਂਸਮਿਸਨਾਂ ਦਾ ਕੰਮ ਤੱਸਲੀਬਖਸ਼
24 ਘੰਟੇ ਉਪਲੱਬਧ
ਹਰ ਤਰ੍ਹਾਂ ਦੀ ਆਟੋ ਰਿਪੇਅਰ ਦਾ ਕੰਮ ਤੱਸਲੀਬਖਸ਼
ਫੋਰਗਨ ਅਤੇ ਡੋਮੇਸਟਿਕ ਕਾਰਾਂ ਦੀ ਰਿਪੇਅਰ
ਆਪਣੀਆਂ ਕਾਰਾਂ ਦੇ ਤੱਸਲੀਬਖਸ਼ ਰਿਪੇਅਰ ਲਈ ਪ੍ਰਦੀਪ ਸਿੰਘ ਨਾਲ
ਕਿਸੇ ਵੇਲੇ ਵੀ ਸੰਪਰਕ ਕਰ ਸਦਕੇ ਹੋਂ।
2213 Rockefeller Dr. Ste.D Ceres CA 95307
PH : (209) 537-5081, CELL : (209) 604-0354

ARES REALTY
Residential | Commercial | Investment

Thinking Of Selling Or Buying A Home ?



ਘਰ ਜਾਂ Business ਵੇਚਣਾ ਜਾਂ ਖਰੀਦਣਾ ਹੋਵੇ

Residential | Commercial | Industrial | Raw land

ਜਿਵੇਂ :Farm House ,Liquor Stores ,Gas Stations
ਹਰ ਤਰ੍ਹਾਂ ਦੇ Apartments, Buildings Car Wash,
Truck Wash ਜਾਂ Gas Pumps ਵਰਗੀਆਂ ਪ੍ਰੋਪਰਟੀਜ਼

ਖਰੀਦਣ ਜਾਂ ਵੇਚਣ ਦੇ ਚਾਹਵਾਨ ਇੱਕ ਵਾਰ ਸਾਨੂੰ ਮਿਲੋ - ARES REALTY

Broker | Realtor | Mortgage Loan Originator : Tony Singh : (916) 519-7009 License ID: 01901843

REALTOR
Jassi Avtar : (916) 335-3760 License ID: 02192444
Alex Singh : (916) 582-4394 License ID: 02191925
Rupinder Dhaliwal ( Ruby ): (916) 764-2859 License ID: 01461487
Amarbir Takhar : (209) 277-9200 License ID: 02225690
Harpreet Singh : (510) 589-8409 License ID: 02194943
Roseleen Kumar : (916)802-4833 License ID: 02028063

OFFICE MANAGER | MARKETING DIRECTOR Sadie EL Ibrahimi : (916)-829-4200 | E-FAX : (916) 367-6756

TRS Constructions

ਘਰ ਵੇਚਣਾ ਹੋਵੇ, ਖ਼ਰੀਦਣਾ ਹੋਵੇ ਜਾਂ ਹੋਣ ਵਾਲੀ ਹੈ ਤੁਹਾਡੇ ਘਰ ਦੀ ਮੁਰੰਮਤ

ਅਸੀਂ ਘਰ ਦੀ ਸਾਰੀ Repair ਤੇ Re -Modelling ਕਰਦੇ ਹਾਂ | Without Any Money Out Of Your Pocket

ਤੁਸੀਂ ਇੱਕ ਵੀ ਪੈਸਾ ਨਹੀਂ ਦਿਓਗੇ TRS Constructions ਨੂੰ ਤੁਹਾਡੀ Sale ਦੇ ਵਿੱਚੋਂ Pay ਹੋ ਜਾਣਗੇ

ਵਧੇਰੇ ਜਾਣਕਾਰੀ ਜਾਂ ਕਿਸੇ ਵੀ ਤਰ੍ਹਾਂ ਦੀ Quiry ਲਈ ਕਾਲ : Tony Singh : (916) 519-7009 Loan Contractor License ID: 01901843